ਸੰਮਤ: ੫੫੮ ਨਾਨਕਸ਼ਾਹੀ
ਸਾਕਾ: ੨੨੦
Weekly Paper
ਸਪਤਾਹਕ ਪਤਰ

ੴ ਸ੍ਰੀ ਵਾਹਿਗੁਰੂ ਜੀ ਕੀ ਫ਼ਤਿਹ ॥

# ਖ਼ਾਲਸਾ ਅਖ਼ਬਾਰ

04 ਜੇਠ ਸੰਨ ੨੦੨੬ Monday, 18 May

ਮੁੱਖ ਸੰਪਾਦਕ
ਗਿਆਨੀ ਗੁਰਜੀਤ ਸਿੰਘ ਪਟਿਆਲਾ
ਸੰਪਾਦਕ: ਗੁਰਪ੍ਰੀਤ ਸਿੰਘ
ਉਪ ਸੰਪਾਦਕ: ਮੇਜਰ ਸਿੰਘ
ਅੰਗਰੇਜ਼ੀ ਸੰਪਾਦਿਕਾ: ਮਨਪ੍ਰੀਤ ਕੌਰ

www.khalsaakhbbar.com ਸੰਪਰਕ: +44 7491374913 khalsaakhbaar@gmail.com editor@khalsaakhbaar.com



## ਕਾਜ਼ੀ ਨੂਰਦੀਨ ਰਚਾਇਤਾ ਜੰਗਨਾਮਾ ਦੇ ਸਿੱਖਾਂ ਪ੍ਰਤੀ ਮਨੋਭਾਵ

ਜੰਗਨਾਮਾ ਰਚਨਾ ਕਾਜ਼ੀ ਨੂਰਦੀਨ ਦੀ ਹੈ। ਇਹ ਬਲੋਚਿਸਤਾਨ ਦੇ ਸ਼ਹਿਰ ਗੰਜਾਬੇ ਦਾ ਰਹਿਣ ਵਾਲਾ ਸੀ। ਅਹਿਮਦਸ਼ਾਹ ਅਬਦਾਲੀ ਜਦੋਂ ਸੱਤਵੀਂ ਵਾਰ (੧੭੬੪ ਈ.) ਵਿਚ ਪੰਜਾਬ ਵੱਲ ਆਇਆ ਸੀ ਤਾਂ ਉਸ ਸਮੇਂ ਅਹਿਮਦਸ਼ਾਹ ਦੇ ਨਾਲ ਬਲੋਚਾਂ ਦਾ ਸਰਦਾਰ ਨਸੀਰ ਖਾਂ ਵੀ ਆਪਣੀ ਬਾਰ੍ਹਾਂ ਹਜ਼ਾਰ ਬਲੋਚਾਂ ਦੀ ਫ਼ੌਜ ਸਮੇਤ ਉਸ ਦੇ ਨਾਲ ਸੀ ਅਤੇ ਕਾਜ਼ੀ ਨੂਰ ਮੁਹੰਮਦ ਵੀ ਇਨ੍ਹਾਂ ਦੇ ਨਾਲ ਸੀ।ਕਾਜ਼ੀ ਨੂਰਦੀਨ ਲਿਖਦਾ ਹੈ ਕਿ ਇਕ ਦਿਨ ਮੁਹੰਮਦ ਨਸੀਰ ਖਾਂ ਆਪਣੀ ਰਾਜਧਾਨੀ ਕਲਾਤ ਵਿਚ ਮਜਲਸ ਲਾਈ ਬੈਠਾ ਸੀ ਤੇ ਹੱਜ ਕਰਨ ਦੀਆਂ ਸਲਾਹਾਂ ਕਰ ਰਿਹਾ ਸੀ ਕਿ ਇਕ ਦਰਬਾਨ ਆਇਆ ਤੇ ਉਸ ਨੇ ਦੱਸਿਆ ਕਿ ਹੁਣੇ ਹੀ ਡੇਰੇ ਤੋਂ ਖ਼ਬਰ ਆਈ ਹੈ ਕਿ ਸਿੱਖਾਂ ਨੇ ਲਾਹੌਰ ਤੋਂ ਡੇਰੇ ਤੀਕ ਸਾਰਾ ਦੇਸ਼ ਗਾਹ ਮਾਰਿਆ ਹੈ. . . । ਇਹ ਸੁਣ ਕੇ ਖਾਨ ਨੂੰ ਬੜਾ ਜੋਸ਼ ਆਇਆ। ਉਸ ਨੇ ਕਿਹਾ, ਹੈਫ ਕਿ ਇਨ੍ਹਾਂ ਕਾਫਰਾਂ ਦਾ ਮੋਮਨਾਂ ਉੱਤੇ ਜ਼ੋਰ ਪੈ ਗਿਆ ਹੈ। ਜੋ ਦੇਸ਼ ਅੱਗੇ ਦਾਰ-ਉਲ-ਇਸਲਾਮ ਸੀ ਉਹ ਹੁਣ ਦਾਰ-ਉਲ-ਹਰਬ ਬਣ ਗਿਆ ਹੈ। ਇਸ ਕਰਕੇ ਅਹਿਲ-ਏ-ਇਸਲਾਮ ਨੂੰ ਬੜਾ ਦੁਖ ਹੋਇਆ ਹੈ। ਮੇਰੇ ਲਈ ਵਾਜਬ ਹੈ ਕਿ ਮੈਂ ਪਹਿਲਾਂ ਇਹ ਦੀਨ ਦੀ ਜੰਗ ਕਰਾਂ ਤੇ ਬੇਦੀਨਾਂ ਨੂੰ ਕਤਲ ਕਰਾਂ। ਕਾਫਰਾਂ ਦੇ ਸਿਰ ਉੱਤੇ ਤਲਵਾਰ ਝਾੜਾਂ। ਇਨ੍ਹਾਂ ਦਾ ਸਿਰ ਵੱਢਾਂ, ਸੀਨਾਂ ਪਾੜਾਂ ਤੇ ਇਨ੍ਹਾਂ ਦੋਜ਼ਖੀਆਂ ਦੀ ਐਸੀ ਬਾਬ ਕਰਾਂ ਕਿ ਫਰਿਸ਼ਤੇ ਵਾਹ-ਵਾਹ ਆਖਣ।ਫਿਰ ਉਸ ਨੇ ਉਲਮਾਵਾਂ ਪਾਸੋਂ ਫਤਵਾ ਮੰਗਿਆ, ਸਭ ਨੇ ਕਿਹਾ ਕਿ ਇਸ ਤੋਂ ਚੰਗੀ ਗੱਲ ਹੋਰ ਕੀ ਹੋ ਸਕਦੀ ਹੈ। ਪਰ ਪਹਿਲਾਂ ਆਪਣੇ ਬਾਦਸ਼ਾਹ ਅਹਿਮਦਸ਼ਾਹ ਪਾਸੋਂ ਆਗਿਆ ਲੈ ਲੈਣੀ ਚਾਹੀਦੀ ਹੈ। ਫਿਰ ਇਕ ਅਰਜ਼ੀ ਲਿਖ ਕੇ ਬਾਦਸ਼ਾਹ ਵੱਲ ਭੇਜ ਦਿੱਤੀ ਗਈ। ਪਰ ਉਸੇ ਵੇਲੇ ਅਹਿਮਦਸ਼ਾਹ ਨੇ ਇਕ ਖਤ ਨਸੀਰ ਖਾਨ ਵੱਲ ਘੱਲਿਆ ਕਿ ਸਿੱਖਾਂ ਨੇ ਲਾਹੌਰ, ਮੁਲਤਾਨ ਦਾ ਇਲਾਕਾ ਆਪਣੇ ਕਬਜ਼ੇ ਹੇਠ ਕਰ ਲਿਆ ਹੈ। ਮਸੀਤਾਂ ਢਾਹ ਦਿੱਤੀਆਂ ਹਨ। ਮੁਸਲਮਾਨਾਂ ਨੂੰ ਕੈਦ ਕਰ ਕੇ ਲੈ ਗਏ ਹਨ ਅਤੇ ਦੀਨ ਦੀਆਂ ਰਸਮਾਂ ਨੂੰ ਬੰਦ ਕਰ ਦਿੱਤਾ ਹੈ। ਤੂੰ ਹੱਜ ਨੂੰ ਜਾਂਦਾ ਹੈ । ਇਨ੍ਹਾਂ ਨਾਲ ਜ਼ਹਾਦ ਕਰਨਾ ਹੱਜ ਨਾਲੋਂ ਕਈ ਦਰਜੇ ਵੱਧ ਹੈ। ਇੱਧਰੋਂ ਮੈਂ ਤੁਰਦਾ ਹਾਂ ਤੇ ਉਧਰੋਂ ਤੂੰ ਤੁਰ ਤੇ ਅਸੀਂ ਦੋਵੇਂ ਰਲ ਕੇ ਇਨ੍ਹਾਂ ਦੀ ਜੜ੍ਹ ਮੇਖ ਪੁੱਟ ਸੁੱਟੀਏ, ਇਨ੍ਹਾਂ ਦੇ ਘਰ-ਬਾਰ ਫੂਕੀਏ ਤੇ ਇਨ੍ਹਾਂ ਦੀਆਂ ਤੀਵੀਆਂ ਤੇ ਬੱਚਿਆਂ ਨੂੰ ਕੈਦ ਕਰੀਏ!ਨਸੀਰ ਖਾਂ ਤਾਂ ਇਹ ਚਾਹੁੰਦਾ ਸੀ ਕਿ ਮੈਂ ਕਾਫ਼ਰਾਂ ਨੂੰ ਮਾਰ ਸੁੱਟਾਂ। ਹਰ ਪਾਸੇ ਗਾਜ਼ੀ ਇਕੱਠੇ ਹੋਣ ਲੱਗੇ। ਉਨ੍ਹਾਂ ਨੇ ਪੋਸਤੀਨਾਂ ਪਾਈਆਂ ਹੋਈਆਂ ਸਨ। ਹੱਥਾਂ ਵਿਚ ਬੰਦੂਕਾਂ ਸਨ । ਨਸੀਰ ਖਾਂ ਬੜੇ ਧੂਮ-ਧੜੱਕੇ ਨਾਲ ਕਲਾਤ ਤੋਂ ਤੁਰਿਆ। ਅਗਲੀ ਮੰਜ਼ਲ ਗੰਜਾਬੇ ਹੋਈ, ਜਿੱਥੇ ਸਹਾਬਨੀ, ਲਾਸ਼ਾਰ ਤੇ ਰੰਦ ਗੋਤ ਦੇ ਕੱਛੀ ਬਲੋਚ ਵੀ ਆ ਗਏ।ਇੱਥੋਂ ਤੁਰਨ ਲੱਗਿਆਂ ਕਾਜ਼ੀ ਨੂਰਦੀਨ ਵੀ ਗਾਜ਼ੀ ਬਣਨ ਦੀ ਹਿਰਸ ਨਾਲ ਰਲਗਿਆ ਅਤੇ ਖਾਨ ਨੇ ਕਿਹਾ- “ਅੱਛਾ ਜੇ ਤੂੰ ਹੁਣ ਸਾਡੇ ਨਾਲ ਚੱਲਿਆ ਹੈਂ ਤਾਂ ਸਾਡੀਬਹਾਦਰੀ ਦੀ ਕਵਿਤਾ ਵੀ ਤਿਆਰ ਕਰ ਦੇਵੀਂ! ਬੁੱਢੇ ਕਾਜ਼ੀ ਨੇ ਜਿਸ ਦੀ ਦਾੜ੍ਹੀ ਚਿੱਟੀਹੋ ਚੁੱਕੀ ਸੀ, ਇਸ ਗੱਲ ਨੂੰ ਮੰਨ ਗਿਆ।ਇਹ ਅਹਿਮਦਸ਼ਾਹ ਅਬਦਾਲੀ ਦਾ ਸੱਤਵਾਂ ਹਮਲਾ ਸੀ। ਇਸ ਵਿਚ ਕਾਜ਼ੀ ਨੂਰਦੀਨ ਬੇਸ਼ੱਕ ਇਕ-ਪਾਸੜ ਹੋ ਕੇ ਲਿਖਦਾ ਹੈ। ਉਹ ਥਾਂ-ਥਾਂ ਸਿੰਘਾਂ ਨੂੰ ਸਗ, ਸੂਰ, ਪਲੀਤ ਤੇ ਹੋਰ ਅਨੇਕਾਂ ਬੁਰੇ ਨਾਵਾਂ ਨਾਲ ਸੰਬੋਧਨ ਕਰਦਾ ਹੈ, ਪਰ ਇਸ ਵਿਚ ਕਾਜ਼ੀ ਦਾ ਕੋਈ ਕਸੂਰ ਨਹੀਂ, ਕਿਉਂਕਿ ਉਹ ਆਇਆ ਹੀ ਉਨ੍ਹਾਂ ਵੱਲੋਂ ਸੀ। ਬੇਸ਼ੱਕ ਉਹ ਸਿੰਘਾਂ ਨੂੰ ਬੁਰੇ ਨਾਵਾਂ ਨਾਲ ਲਿਖਦਾ ਹੈ, ਪਰ ਉਸ ਦੀ ਕਲਮ ਸਿੰਘਾਂ ਦੀ ਸਿਫ਼ਤ ਵੀ ਕਰ ਜਾਂਦੀ ਹੈ। ਕਈ ਸਿਫ਼ਤਾਂ ਦੀਆਂ ਇਹੋ ਜਿਹੀਆਂ ਗੱਲਾਂ ਬਣ ਜਾਂਦੀਆਂ ਹਨ ਕਿ ਹੈਰਾਨ ਰਹਿ ਜਾਈਦਾ ਹੈ। ਜਿਨ੍ਹਾਂ ਗੱਲਾਂ ਦਾ ਸਾਨੂੰ ਪਤਾ ਹੀ ਨਹੀਂ, ਉਹ ਪਤਾ ਲੱਗਦੀਆਂ ਹਨ। ਸਿੰਘਾਂ ਦੀਆਂ ਤੇ ਇਨ੍ਹਾਂ ਦੀਆਂ ਕਈ ਜੰਗਾਂ ਹੋਈਆਂ। ਇਨ੍ਹਾਂ ਜੰਗਾਂ ਵਿਚ ਸਿੰਘਾਂ ਦੀ ਤੇ ਗਿਲਜ਼ਿਆਂ ਦੀ ਆਪਸੀ ਜੰਗ ਅਮੇਚ ਸੀ । ਕਿੱਥੇ ਲੋਹੇ ਨਾਲ ਮੜ੍ਹੇ ਹੋਏ ਚੰਗੇ ਹਥਿਆਰ, ਚੰਗੀ ਖੁਰਾਕ, ਵਧੀਆ ਘੋੜੇ, ਹਰ ਸੁੱਖ-ਸਹੂਲਤ ਪੂਰੀ ਸੀ, ਕੇਵਲ ਤੇ ਕੇਵਲ ਲੜਨਾ ਹੀ ਸੀ। ਦੂਜੇ ਪਾਸੇ ਸਿੰਘ ਜਿਨ੍ਹਾਂ ਦਾ ਕੋਈ ਘਰ-ਬਾਰ ਨਹੀਂ, ਕੁਝ ਖਾਣ ਨੂੰ ਨਹੀਂ, ਕੱਪੜਾ ਗਲ਼ ਪਾਉਣ ਨੂੰ ਨਹੀਂ, ਟੁੱਟੇ ਖੁੰਡੇ ਹਥਿਆਰ, ਬਿਨਾਂ ਕਾਠੀਓਂ ਘੋੜੇ, ਜੰਗਲੀ ਫ਼ਲਾਂ ’ਤੇ ਨਿਰਭਰ, ਕੇਵਲ ਤਨ ਢੱਕਣ ਜੋਗੇ ਬਸਤਰ ਤੇ ਗੁਰੂ ਦੇ ਪਿਆਰ ਵਿਚ ਰੰਗੇ, ਅਣਖੀ ਸੂਰਮੇ ਸਨ।ਇਨ੍ਹਾਂ ਅਣਖੀ ਸੂਰਮਿਆਂ ਨੇ ਬਾਦਸ਼ਾਹ ਅਬਦਾਲੀ ਵਰਗਿਆਂ ਦੇ ਹੋਸ਼ ਉਡਾ ਦਿੱਤੇ ਸਨ। ਉਸ ਦੁਆਰਾ ਲੁੱਟਿਆ ਧਨ ਨਾਲ ਲੈ ਜਾਣ ਜੋਗਾ ਨਹੀਂ ਰਹਿਣ ਦਿੱਤਾ ਸੀ। ਸਿੰਘਾਂ ਦੀ ਬਹਾਦਰੀ ਬਾਰੇ ਬੇਵਸ ਹੋਇਆ ਕਾਜ਼ੀ ਨੂਰਦੀਨ ਲਿਖਦਾ ਹੈ :-"ਸਿੰਘਾਂ ਨੂੰ ਸਗਾਂ (ਕੁੱਤੇ) ਨਾ ਕਹਿ, ਉਹ ਸ਼ੇਰ ਹਨ, ਉਹ ਮਰਦਾਂ ਦੇ ਮਰਦਾਨ ਸ਼ੇਰਾਂ ਵਾਂਗ ਦਲੇਰ ਹਨ। ਭਲਾ ਕੋਈ ਰਣ ਦਾ ਸੂਰਮਾ, ਜੋ ਲੜਾਈ ਵਿਚ ਸ਼ੀਂਹ ਵਾਂਗ ਬੁਕੇ ਕਦੇ ਸਗ ਹੋ ਸਕਦਾ ਹੈ? ਜੇਕਰ ਤੈਨੂੰ ਲੜਾਈ ਦਾ ਕਸਬ ਸਿੱਖਣ ਦੀ ਚਾਹ ਹੈ ਤਾਂ ਰਣ-ਭੂਮੀ ਵਿਚ ਇਨ੍ਹਾਂ ਦੇ ਸਾਹਮਣੇ ਹੋ। ਉਹ ਤੈਨੂੰ ਜੰਗ ਦੇ ਐਸੇ-ਐਸੇ ਢੰਗ ਸਿਖਾਉਣਗੇ ਕਿ ਸਾਰੇ ਪਏ ਵਾਹ-ਵਾਹ ਕਰਨਗੇ। ਹੇ ਤਲਵਾਰੀਏ, ਜੇਕਰ ਤੈਨੂੰ ਜੰਗ ਦਾ ਹੁਨਰ ਸਿੱਖਣ ਦੀ ਚਾਹ ਹੈ ਤਾਂ ਇਨ੍ਹਾਂ ਪਾਸੋਂ ਸਿੱਖ ਕਿ ਕਿਸ ਤਰ੍ਹਾਂ ਮਰਦਾਂ ਵਾਂਗਵੈਰੀ ਦੇ ਸਾਹਮਣੇ ਹੋਣਾ ਚਾਹੀਦਾ ਹੈ ਤੇ ਕਿਸ ਤਰ੍ਹਾਂ ਲੜਾਈ ਵਿੱਚੋਂ ਆਪਣੇ ਆਪ ਨੂੰ ਸਾਫ਼ ਬਚਾ ਲਿਜਾਣਾ ਚਾਹੀਦਾ ਹੈ। ਇਨ੍ਹਾਂ ਦਾ ਲਕਬ ਸਿੰਘ ਹੈ। ਇਹ ਨਿਆਉਂ ਦੀ ਗੱਲ ਨਹੀ ਕਿ ਇਨ੍ਹਾਂ ਨੂੰ ਸਗ ਕਹਿਆ ਜਾਵੇ। ਹਿੰਦ ਦੀ ਬੋਲੀ ਵਿਚ ਸਿੰਘ ਨੂੰ ਸ਼ੇਰ ਕਹਿੰਦੇ ਹਨ ਅਤੇ ਲੜਾਈ ਦੇ ਸਮੇਂ ਤਾਂ ਇਹ ਸੱਚਮੁੱਚ ਹੀ ਸ਼ੇਰ ਹਨ!”"ਜਦ ਇਹ ਹੱਥ ਵਿਚ ਤੇਗ਼ ਫੜ੍ਹਦੇ ਹਨ ਤਾਂ ਸਿੰਧ ਤੀਕ ਮਾਰੋ ਮਾਰ ਕਰਦੇ ਚਲੇ ਜਾਂਦੇ ਹਨ। ਕੋਈ ਆਦਮੀ ਇਨ੍ਹਾਂ ਦੇ ਸਾਹਮਣੇ ਅੜ ਨਹੀਂ ਸਕਦਾ ਭਾਵੇਂ ਉਹ ਕਿੰਨਾ ਵੀ ਜਰਵਾਣਾ ਕਿਉਂ ਨਾ ਹੋਵੇ। ਜਦੋਂ ਇਹ ਹੱਥ ਵਿਚ ਨੇਜਾ ਫੜ੍ਹਦੇ ਹਨ, ਤਾਂ ਵੈਰੀ ਦੀ ਸੈਨਾ ਵਿਚ ਭਾਜੜ ਪਾ ਦਿੰਦੇ ਹਨ। ਜਦ ਉਹ ਨੇਜੇ ਦੀ ਅਣੀ ਉਤਾਂਹ ਚੁੱਕਦੇ ਹਨ ਤਾਂ ਅੱਗੇ ਭਾਂਵੇ ਕੋਹ ਕਾਫ ਹੋਵੇ, ਇਹ ਉਸ ਨੂੰ ਵੀ ਸੀਰਾ ਕਰ ਦਿੰਦੇ ਹਨ। ਜਦ ਇਹ ਕਮਾਨ ਦਾ ਚਿਲ੍ਹਾ ਚਾੜਦੇ ਹਨ ਤਾਂ ਉਸ ਵਿਚ ਵੈਰੀ ਦੀ ਜਾਨ ਲੈਣ ਵਾਲਾ ਤੀਰ ਰੱਖਦੇ ਹਨ। ਫਿਰ ਚਿਲ੍ਹਾ ਖਿੱਚ ਕੇ ਕੰਨ ਤੀਕ ਲੈ ਜਾਂਦੇ ਹਨ ਤਾਂ ਵੈਰੀ ਦਾ ਸਰੀਰ ਥਰ-ਥਰ ਕੰਬਣ ਲੱਗ ਪੈਂਦਾ ਹੈ।”ਕਾਜ਼ੀ ਨੂਰਦੀਨ ਅੱਗੇ ਕਹਿੰਦਾ ਹੈ:-“ਇਨ੍ਹਾਂ ਦਾ ਸਰੀਰ ਦੇਖੋ ਤਾਂ ਪਾਸਿਉਂ ਇਉ ਜਾਪਦਾ ਹੈ, ਜਿਵੇਂ ਕਿਸੇ ਪਹਾੜੀ ਦਾ ਟਿੱਲਾ ਹੋਵੇ। ਡੀਲ-ਡੌਲ ਵਿਚ ਇਕ ਜਣਾ ਪੰਜਾਹ ਮਰਦਾਂ ਤੋਂ ਵਧੀਕ ਹੈ। ਕਹਿੰਦੇ ਹਨ ਕਿ ਬਹਿਰਾਮ ਗੌਰ ਗੌਰਾ ਦਾ ਸ਼ਿਕਾਰ ਕਰਦਾ ਸੀ ਤੇ ਸ਼ੇਰਾਂ ਦੀਆਂ ਚੀਕਾਂ ਕਢਾ ਦਿੰਦਾ ਸੀ, ਪਰ ਜੇਕਰ ਬਹਿਰਾਮ ਗੌਰ ਇਨ੍ਹਾਂ ਦੇ ਸਾਹਮਣੇ ਆ ਜਾਵੇ ਤਾਂ ਉਹ ਵੀ ਇਨ੍ਹਾਂ ਅੱਗੇ ਸਿਰ ਨੀਵਾਂ ਕਰ ਦੇਵੇ। "ਲੜਾਈ ਦੇ ਸਮੇਂ ਜਦ ਇਹ ਬੰਦੂਕ ਫੜਦੇ ਹਨ ਤਾਂ ਸ਼ੇਰਾਂ ਵਾਂਗ ਬੁੱਕਦੇ ਤੇ ਪੈਲਾਂ ਪਾਉਂਦੇ ਰਣ-ਭੂਮੀ ਵਿਚ ਆਉਂਦੇ ਹੀ ਕਈਆਂ ਦੇ ਸੀਨੇ ਚੀਰ ਘੱਤਦੇ ਹਨ। ਇਉਂ ਸਮਝੋ ਕਿ ਇਹ ਬੰਦੂਕ ਪਿਛਲੇ ਸਮੇਂ ਇਨ੍ਹਾਂ ਨੇ ਹੀ ਬਣਾਈ ਹੈ, ਲੁਕਮਾਨ ਨੇ ਨਹੀਂ ਬਣਾਈ ਹੋਣੀ। ਭਾਵੇਂ ਬੰਦੂਕਾਂ ਤਾਂ ਹਰ ਕਿਸੇ ਪਾਸ ਬਥੇਰੀਆਂ ਹਨ, ਪਰ ਇਨ੍ਹਾਂ ਨਾਲੋਂ ਵੱਧ ਕੇ ਇਸ ਦਾ ਜਾਨਣ ਵਾਲਾ ਕੋਈ ਨਹੀਂ। ਇਹ ਸੱਜੇ, ਖੱਬੇ, ਅੱਗੇ, ਪਿੱਛੇ ਲਗਾਤਾਰ ਗੋਲ਼ੀਆਂ ਦਾਗੀ ਜਾਂਦੇ ਹਨ। ਜੇਕਰ ਮੇਰੀ ਗੱਲ ਦਾ ਯਕੀਨ ਨਹੀਂ ਤਾਂ ਉਹ ਤੀਹ ਹਜ਼ਾਰ ਸੂਰਮੇ ਹਨ ਜੋ ਇਨ੍ਹਾਂ ਨਾਲ ਲੜ ਚੁੱਕੇ ਹਨ।ਜੇਕਰ ਇਹ ਨੱਸ ਉੱਠਣ ਤਾਂ ਇਸ ਨੂੰ ਇਨ੍ਹਾਂ ਦੀ ਭਾਂਜ ਨਾ ਸਮਝ ਕਿ ਇਹ ਵੀ ਇਨ੍ਹਾਂ ਦੀ ਲੜਾਈ ਦਾ ਇਕ ਢੰਗ ਹੈ। ਵੇਖੀਂ ਇਨ੍ਹਾਂ ਦੀ ਇਸ ਫਾਹੀ ਤੋਂ ਬਚੀਂ ਇਹ ਢੰਗ ਇਸ ਲਈ ਕੀਤਾ ਜਾਂਦਾ ਹੈ ਕਿ ਵੈਰੀ ਤਕੜਾ ਹੋ ਕੇ ਇਨ੍ਹਾਂ ਦੇ ਮਗਰ ਪੈਂਦਾ ਹੈ ਅਤੇ ਇਕ ਆਪਣੇ ਲਸ਼ਕਰ ਤੋਂ ਅੱਡ ਹੋ ਕੇ ਸਹਾਇਤਾ ਤੋਂ ਦੂਰ ਚਲਿਆ ਜਾਂਦਾ ਹੈ, ਤਦ ਇਹ ਪਿੱਛੇ ਮੁੜ ਪੈਂਦੇ ਹਨ ਅਤੇ ਫਿਰ ਪਾਣੀ ਵਿਚ ਵੀ ਅੱਗ ਲਾ ਦਿੰਦੇ ਹਨ। ਐ ਸੂਰਮੇ ! ਤੂੰ ਆਪ ਹੀ ਨਿਆਂ ਕਰ ਕਿ ਇਨ੍ਹਾਂ ਦੀ ਲੜਾਈ ਕੈਸੀ ਹੈ। ਇਨ੍ਹਾਂ ਪਿਸ਼ੌਰ ਤੇਮੁਲਤਾਨ ਸ਼ਹਿਰ ਨੂੰ ਅੰਦਰ ਵੜ ਕੇ ਸੁੱਟ ਖਾਧਾ ਹੈ। ਅੱਜ ਤੀਕ ਕਿਸੇ ਨੇ ਮੁਲਤਾਨ ਦੀ ਐਸੀ ਬਾਬ ਨਹੀਂ ਕੀਤੀ ਸੀ ਜੋ ਇਨ੍ਹਾਂ ਨੇ ਕੀਤੀ ਹੈ।ਇਨ੍ਹਾਂ ਦੀ ਲੜਾਈ ਤੋਂ ਵੱਧ ਕੇ ਇਕ ਹੋਰ ਗੱਲ ਵੀ ਸੁਣ ਜਿਸ ਵਿਚ ਇਹ ਹੋਰਨਾਂ ਸੂਰਮਿਆਂ ਨਾਲੋਂ ਬਹੁਤ ਵਧੇ ਹੋਏ ਹਨ। ਇਹ ਨਿਹੱਥੇ 'ਤੇ ਵਾਰ ਨਹੀਂ ਕਰਦੇ ਨਾ ਕਿਸੇ ਨੱਸੇ ਜਾਂਦੇ 'ਤੇ ਵਾਰ ਕਰਦੇ ਹਨ। ਨਾ ਹੀ ਕਿਸੇ ਤ੍ਰੀਮਤ ਦਾ ਗਹਿਣਾ ਜਾਂ ਰੁਪਿਆ ਲੁੱਟਦੇ ਹਨ। ਤ੍ਰੀਮਤ ਭਾਵੇਂ ਰਾਣੀ ਹੋਵੇ ਜਾਂ ਗੋਲੀ ਬਾਂਦੀ ਇਹ ਕਦੇ ਵਿਭਚਾਰ ਨਹੀਂ ਕਰਦੇ। ਭਾਵੇਂ ਜੁਆਨ ਹੋਵੇ ਜਾਂ ਬੁੱਢੀ ਉਸ ਨੂੰ ਇਹ ਬੁੱਢੀ ਹੀ ਆਖਦੇ ਹਨ। ਹਿੰਦੀ ਵਿਚ ਬੁੱਢੀ ਦਾ ਅਰਥ ਹੈ ਵੱਡੀ ਉਮਰ ਵਾਲੀ ਇਸਤਰੀ। ਇਹ ਨਾ ਚੋਰੀ ਕਰਦੇ ਹਨ ਤੇ ਨਾ ਹੀ ਸੰਨ੍ਹ ਮਾਰਦੇ ਹਨ ਤੇ ਨਾ ਹੀ ਚੋਰ ਜਾਂ ਸੰਨ੍ਹ ਲਾਉਣ ਵਾਲੇ ਨੂੰ ਮਿੱਤਰ ਬਣਾਉਂਦੇ ਹਨ।”ਇਹ ਮਿਸਲ ਕਾਲ ਦਾ ਉਹ ਸਮਾਂ ਹੈ, ਜਦੋਂ ਮਿਸਲਾਂ ਦੇ ਸਿੱਖ ਸਰਦਾਰਾਂ ਨੇ ਸਾਰਾ ਪੰਜਾਬ ਆਪਣੇ 'ਰਾਖੀ ਪ੍ਰਬੰਧ’ ਹੇਠ ਲੈ ਆਂਦਾ ਸੀ । ਅਬਦਾਲੀ ਦੀ ਕੋਈ ਪੇਸ਼ ਨਹੀਂ ਸੀ ਜਾਣ ਦਿੱਤੀ। ਉਸ ਨੂੰ ਕਈ ਥਾਈਂ ਸਿੰਘਾਂ ਨੇ ਬੁਰੀ ਤਰ੍ਹਾਂ ਭਾਂਜ ਦਿੱਤੀ ਸੀ, ਪਰ ਸਮੇਂ ਤੇ ਸਥਿਤੀ ਦੇ ਅਨੁਕੂਲ ਤਤਕਾਲ ਫੈਸਲਾ ਲੈ ਕੇ ਪੈਂਤੜੇ ਬਦਲ ਲੈਂਦੇ ਸਨ। ਸਿੱਖਾਂ ਨੇ ਪਿਸ਼ਾਵਰ ਤੋਂ ਅਗਾਂਹ ਧੰਨੀ ਚਿੰਨਉਟ ਤਕ ਮੱਲਾਂ ਮਾਰ ਲਈਆਂ ਸਨ । ਕਾਜ਼ੀ ਨੂਰਦੀਨ ਦੀ ਲਿਖਤ ‘ਜੰਗਨਾਮੇ’ ਅਨੁਸਾਰ- “ਝੰਡਾ ਸਿੰਘ ਨੇ ਚਿੰਨੀਓਟ ਮੱਲੀ ਹੋਈ ਹੈ। ਚੱਠਿਆਂ ਦਾ ਤੇ ਝੰਗ ਦਾ ਸਾਰਾ ਇਲਾਕਾ ਹਰੀ ਸਿੰਘ ਭੰਗੀ ਪਾਸ ਹੈ। ਜੱਸਾ ਸਿੰਘ ਤਰਖਾਣ (ਰਾਮਗੜ੍ਹੀਆ) ਪਾਸ ਕਲਾਨੌਰ ਹੈ।” ਇਤਿਆਦਿ ਲਿਖਦਾ ਹੈ।ਇਸੇ ਤਰ੍ਹਾਂ ਅਹਿਮਦ ਸ਼ਾਹ ਅਬਦਾਲੀ ਆਪਣੇ ਆਪ ਨੂੰ ਸੁਰੱਖਿਅਤ ਸਮਝ ਕੇ ਬਿਆਸ ਦਰਿਆ ਪਾਰ ਕਰ ਕੇ ਅਜੇ ਅਗਾਂਹ ਹੁੰਦਾ ਹੀ ਹੈ ਕਿ ਅੱਗੋਂ ਸਿੰਘ ਟੱਕਰ ਜਾਂਦੇ ਹਨ। ਉਹ ਰਾਹ ਰੋਕ ਲੈਂਦੇ ਹਨ। ਨਸੀਰ ਖਾਂ ਅਤੇ ਅਬਦਾਲੀ ਦੀ ਤੀਹ ਹਜ਼ਾਰ ਫ਼ੌਜ ਸਾਹਮਣੇ ਸਿੰਘ ਕੁਝ ਸੈਂਕੜਿਆਂ ਦੀ ਗਿਣਤੀ ਵਿਚ ਖੜੇ ਹਨ। ਉਸ ਵੇਲੇ ਦੇ ਨਜ਼ਾਰੇ ਨੂੰ ਕਾਜ਼ੀ ਇਸ ਤਰ੍ਹਾਂ ਬਿਆਨ ਕਰਦਾ ਹੈ :-“ਓਧਰ ਸਿੱਖ ਵੀ ਆਪਣੀ ਸੈਨਾ ਲਈ ਵਧੇ ਆਉਂਦੇ ਸਨ । ਉਨ੍ਹਾਂ ਦੀ ਸੈਨਾ ਦੇ ਵਿਚਕਾਰ ਜੱਸਾ ਸਿੰਘ ਕਲਾਲ (ਆਹਲੂਵਾਲੀਆ) ਸੀ, ਜੋ ਪਹਾੜ ਵਾਂਗ ਡਟਿਆ ਹੋਇਆ ਸੀ। ਇਸ ਦੇ ਨਾਲ ਹੀ ਦੂਜਾ ਜੱਸਾ ਸਿੰਘ (ਰਾਮਗੜੀਆ) ਸੀ ਜਿਹੜਾ ਡੀਲ ਡੌਲ ਵਿਚ ਬਿਫਰਿਆ ਸ਼ੇਰ ਵਰਗਾ ਲੱਗ ਰਿਹਾ ਸੀ। ਹੋਰ ਵੀ ਕਈ ਸੂਰਮੇ ਮਿਸਲਾਂ ਦੇ ਸਰਦਾਰ ਸਨ । ਸੱਜੇ ਹੱਥ ਜੱਸਾ ਸਿੰਘ ਰਾਮਗੜੀਆ ਦੇ ਨਾਲ ਚੜ੍ਹਤ ਸਿੰਘ (ਮਹਾਰਾਜਾ ਰਣਜੀਤ ਸਿੰਘ ਦਾ ਦਾਦਾ) ਸੀ ਤੇ ਨਾਲ ਹਰੀ ਸਿੰਘ ਭੰਗੀ, ਗੁਲਾਬ ਸਿੰਘ, ਗੁੱਜਰ ਸਿੰਘ (ਭੰਗੀ ਮਿਸਲ ਦੇ ਪੰਜਵੜੀਏ) ਸਨ।”ਬੇਸ਼ੱਕ ਕਾਜ਼ੀ ਨੂਰਦੀਨ ਸਿੰਘਾਂ ਨੂੰ ਸਗ ਕਹਿੰਦਾ ਹੈ। ਇਹ ਉਸ ਦੀ ਮਜ਼ਬੂਰੀ ਹੋ ਸਕਦੀ ਹੈ, ਪਰ ਸਾਨੂੰ ਉਸ ਦੀ ਲਿਖਤ ਵਿਚ ਸਰਦਾਰ ਜੱਸਾ ਸਿੰਘ ਆਹਲੂਵਾਲੀਆ ਪ੍ਰਤੀ ਵਰਤੀ ਸ਼ਬਦਾਵਲੀ ਪਹਾੜ ਤੇ ਸਰਦਾਰ ਜੱਸਾ ਸਿੰਘ ਰਾਮਗੜੀਆ ਲਈ 'ਬਿਫਰਿਆ ਸ਼ੇਰ' ਲਿਖਣਾ ਆਦਿ ਤੋਂ ਉਸ ਵੇਲੇ ਦੇ ਸਿੰਘਾਂ ਦੇ ਫ਼ੌਜੀ ਕਿਰਦਾਰ, ਸੂਰਮਗਤੀ ਸ਼ਸਤਰ ਚਲਾਉਣ ਦੀ ਕਲਾ ਬਾਬਤ ਜਾਣਕਾਰੀ ਮਿਲਦੀ ਹੈ।ਅਹਿਮਦ ਸ਼ਾਹ ਅਬਦਾਲੀ ਨੇ ਇਸੇ ਹਮਲੇ ਸਮੇਂ ਸ੍ਰੀ ਦਰਬਾਰ ਸਾਹਿਬ, ਸ੍ਰੀ ਅੰਮ੍ਰਿਤਸਰ ਉੱਪਰ ਬਾਰੂਦ ਨਾਲ ਹਮਲਾ ਕੀਤਾ ਸੀ । ਬਾਬਾ ਦੀਪ ਸਿੰਘ, ਬਾਬਾ ਗੁਰਬਖਸ਼ ਸਿੰਘ ਤੇ ਹੋਰ ਅਨੇਕਾਂ ਸਿੰਘਾਂ ਦੀਆਂ ਕੁਰਬਾਨੀਆਂ ਹੋਈਆਂ। ਦੂਜਾ ਵੱਡਾ ਘੱਲੂਘਾਰਾ ਹੋਇਆ। ਫਿਰ ਵੀ ਸਾਨੂੰ ਕਿਵੇਂ ‘ਦੂਣ ਸਵਾਏ ਹੋਏ' ਦੇ ਸੰਕੇਤ ਮਿਲਦੇ ਹਨ। ਇਹ ਵੀ ਪਤਾ ਲੱਗਦਾ ਹੈ ਕਿ ਉਸ ਵੇਲੇ ਭੰਗੀ ਮਿਸਲ ਵਾਲਿਆਂ ਨੇ ਧੰਨੀ ਚਿੰਨਉਟ ਤਕ ਕਬਜ਼ਾ ਕਰ ਲਿਆ ਸੀ। ਪੇਸ਼ਾਵਰ, ਮੁਲਤਾਨ ਆਪਣੀ ਤਾਬਿਆ ਵਿਚ ਕਰ ਚੁੱਕੇ ਸਨ। ਸੱਚ ਇਹ ਹੈ ਕਿ ਅਠਾਰ੍ਹਵੀਂ ਸਦੀ ਦੇ ਸਿੱਖ ਇਤਿਹਾਸ ਦੇ ਖੋਜਾਰਥੀਆਂ ਲਈ ਇਹ ਲਾਹੇਵੰਦ ਦਸਤਾਵੇਜ਼ ਹੈ।

**-ਡਾ. ਅਮਰਜੀਤ ਕੌਰ ਇੱਬਣ**



# ਜਿਨ੍ਹਾਂ ਧਰਮ ਨਹੀਂ ਹਾਰਿਆ

ਸੰਘਰਸ਼ ਧਰਮ ਤੇ ਇਖਲਾਕ ਕੇਵਲ ਗਿਆਨ ਗੋਸ਼ਟੀ ਤੀਕ ਹੀ ਰਾਖਵੇਂ ਨਹੀਂ ਹਨ ਬਲਕਿ ਸਥਾਪਿਤ ਕਦਰਾਂ-ਕੀਮਤਾਂ ਨੂੰ ਕਾਇਮ ਰੱਖਣ ਹਿੱਤ ਆਪਾ ਕੁਰਬਾਨ ਕਰ ਦੇਣ ਦਾ ਨਾਮ ਹੈ। ਗੁਰੂ ਨਾਨਕ ਸਾਹਿਬ ਨੂੰ ਜਦੋਂ ਸਿੱਧਾਂ ਨੇ ਉਦਾਸੀਆਂ ਦਾ ਮਕਸਦ ਪੁੱਛਿਆ ਤਾਂ ਪਾਤਸ਼ਾਹ ਦਾ ਜਵਾਬ ਸੀ ਗੁਰਮੁਖਿ ਖੋਜਤ ਭਏ ਉਦਾਸੀ ਇਹ ਤਲਖ ਹਕੀਕਤ ਹੈ ਤੇ ਸਿੱਖ ਧਰਮ ਦੀ ਵਿਲੱਖਣਤਾ ਵੀ ਕਿ ਸਿੱਖ ਗੁਰੂ ਸਾਹਿਬਾਨ ਦੁਆਰਾ ਘੜ੍ਹੀ ਸ਼ਬਦ ਦੀ ਸੱਚੀ ਟਕਸਾਲ ਦੀ ੨੩੦ ਸਾਲਾਂ ਦੀ ਘਾਲਣਾ ਨਾਲ ਜਦੋਂ ਗੁਰਮੁਖ/ਆਦਰਸ਼ਕ ਮਨੁੱਖ ਨੇ ਸਤਿਗੁਰ ਆਗੈ ਸੀਸੁ ਭੇਟ ਦੇਉ ਦੀ ਅਗੰਮੀ ਪ੍ਰੀਖਿਆ ਪਾਸ ਕਰ ਲਈ ਤਾਂ ਸੰਤ-ਸਿਪਾਹੀ ਦੇ ਰੂਪ ਵਿਚ ਖਾਲਸੇ ਦੀ ਪਦਵੀ ਨੂੰ ਪ੍ਰਾਪਤ ਹੋਏ। ਇਸੇ ਖਾਲਸੇ ਨੂੰ ਮਾਣ ਪ੍ਰਾਪਤ ਹੋਇਆ ਨਿਮਾਣਿਆਂ ਦਾ ਮਾਣ, ਨਿਤਾਣਿਆਂ ਦਾ ਤਾਣ ਅਤੇ ਨਿਆਸਰਿਆਂ ਦਾ ਆਸਰਾ ਬਣਨ ਦਾ। ਲੇਕਿਨ ਇਸ ਮੁਕਾਮ ਤੀਕ ਪੁੱਜਣ ਲਈ ਖਾਲਸੇ ਨੂੰ ਅਸਹਿ ਤੇ ਅਕਹਿ ਤਸੀਹੇ ਸਹਾਰਦਿਆਂ ਸ਼ਹਾਦਤਾਂ ਵੀ ਦੇਣੀਆਂ ਪਈਆਂ ਤੇ ਉਸ ਨੇ ਹਰ ਕੁਰਬਾਨੀ ਨੂੰ ਖਿੜੇ ਮੱਥੇ ਸਹਾਰਿਆ ਵੀ। ਤੇਰਾ ਭਾਣਾ ਮੀਠਾ ਲਾਗੇ ਤੋਂ ਤੇਰਾ ਕੀਆ ਮੀਠਾ ਲਾਗੇ ਤੀਕ ਦਾ ਸਫਰ ਹੀ ਸਿੱਖ ਕੌਮ ਵਿਚ ਸ਼ਹਾਦਤ ਅਤੇ ਸੰਤ-ਸਿਪਾਹੀ ਦੇ ਜਾਹਿਰਾ ਮਾਰਗ ਦਾ ਮੁੱਢ ਬੰਨਦਾ ਹੈ । ਸੰਤ ਸਿਪਾਹੀ ਦੇ ਇਸ ਅਦੁੱਤੀ ਮਾਰਗ 'ਤੇ ਚੱਲਣ ਵਾਲੇ ਅਣਗਿਣਤ ਸਿੱਦਕਵਾਨ ਸਿੰਘ-ਸਿੰਘਣੀਆਂ ਤੇ ਭੁਝੰਗੀਆਂ ਦੀ ਸ਼ਹਾਦਤ ਨੂੰ ਯਾਦ ਕਰਦਿਆਂ ਅਸੀਂ ਨਿਤ ਪ੍ਰਤੀ ਦੀ ਅਰਦਾਸ ਵਿਚ ਜਿਨ੍ਹਾਂ ਸਿੰਘਾਂ ਸਿੰਘਣੀਆਂ ਨੇ ਧਰਮ ਹੇਤ ਸੀਸ ਦਿੱਤੇ, ਬੰਦ ਬੰਦ ਕਟਾਏ, ਖੋਪਰੀਆਂ ਲੁਹਾਈਆਂ, ਚਰਖੀਆਂ 'ਤੇ ਚੜ੍ਹੇ, ਆਰਿਆਂ ਨਾਲ ਚਿਰਾਏ ਗਏ, . . . ਧਰਮ ਨਹੀਂ ਹਾਰਿਆ, ਸਿੱਖੀ ਕੇਸਾਂ ਸੁਆਸਾਂ ਨਾਲ ਨਿਬਾਹੀ'. . . ਦਾ ਧਿਆਨ ਧਰ ਕੇ ਵਾਹਿਗੁਰੂ ਉਚਾਰਦੇ ਹਾਂ।ਨਾਨਕ ਨਿਰਮਲ ਪੰਥ ਦੇ ਬਾਨੀ ਸਾਹਿਬ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਸੰਸਾਰ ਆਗਮਨ ੧੪੬੯ ਈ. ਤੋਂ ਲੈ ਕੇ ਦਸਮੇਸ਼ ਪਿਤਾ ਦੇ ਜੋਤੀ ਜੋਤ ਸਮਾਉਣ ੧੭੦੮ ਈ. ਤਕ ਅਤੇ ਇਸ ਤੋਂ ਬਾਅਦ ਦੇ ਸਿੱਖ ਸੰਘਰਸ਼, ਸਿੱਖ ਰਾਜ, ਦੇਸ਼ ਵੰਡ ਅਤੇ ਹੁਣ ਤੀਕ ਦਾ ਤਕਰੀਬਨ ਸਾਢੇ ਪੰਜ ਸੌ ਸਾਲਾਂ ਦਾ ਇਹ ਵਿਲੱਖਣ ਇਤਿਹਾਸ ਹੈ। ਜਿੱਥੇ ਸਿੱਖੀ ਦੀ ਅਮਰਵੇਲ ਨੂੰ ਚੰਬੜੇ ਗੰਗੂਆਂ ਤੇ ਚੰਦੂਆਂ ਅਤੇ ਇਨ੍ਹਾਂ ਦੀਆਂ ਸਲਾਹਾਂ 'ਤੇ ਬਾਬਰ, ਜਹਾਂਗੀਰ, ਔਰੰਗਜ਼ੇਬ ਅਤੇ ਇੰਦਰਾ ਵਰਗੇ ਜਾਬਰ ਸਿੱਖੀ ਦੇ ਬੂਟੇ ਨੂੰ ਮਸਲਣ ਦੀਆਂ ਕੋਸ਼ਿਸ਼ਾਂ ਕਰਦੇ ਰਹੇ। ਉੱਥੇ ਇਸ ਸਭ ਦੇ ਬਾਵਜੂਦ ਵੀ ਇਹ ਬੂਟਾ ਹਰਿਆ-ਭਰਿਆ ਰਿਹਾ ਹੈ ਕਿਉਂਕਿ ਸਮੁੱਚੀ ਮਨੁੱਖਤਾ ਨੂੰ ਇਕ ਆਦਰਸ਼ਕ ਇਨਸਾਨ ਬਣਨ ਦੀ ਪ੍ਰੇਰਨਾ ਦੇਣ ਵਾਲੇ ਇਸ ਦੇ ਪਾਲਣਹਾਰੇ ਗੁਰੂ ਸਾਹਿਬਾਨ ਨੇ ਜੀਵਨ ਦੇ ਉੱਚ ਆਦਰਸ਼ਾਂ ਖਾਤਰ ਖ਼ੁਦ ਨੂੰ ਕੁਰਬਾਨ ਕਰਨ ਤੋਂ ਗੁਰੇਜ਼ ਨਹੀ ਕੀਤਾ।ਪੰਜਵੇਂ ਗੁਰਦੇਵ ਸ੍ਰੀ ਗੁਰੂ ਅਰਜਨ ਦੇਵ ਜੀ ਮੁਗ਼ਲਾਂ ਦੇ ਰਾਜਸੀ ਹੰਕਾਰ ਦੇ ਵਿਰੋਧ ਵਿਚ ਅਤੇ ਆਪਣੇ ਪੁਰਖਿਆਂ ਦੁਆਰਾ ਉਚਾਰੀ ਬਾਣੀ ਦੇ ਅਦਬ ਸਤਿਕਾਰ ਖਾਤਰ ਸ਼ਹਾਦਤ ਦੇਣ ਵਾਲੇ ਪਹਿਲੇ ਗੁਰੂ ਹਨ। ਅਠਵੇਂ ਪਾਤਸ਼ਾਹ ਸ੍ਰੀ ਗੁਰੂ ਹਰਿਕ੍ਰਿਸ਼ਨ ਸਾਹਿਬ ਜੀ ਨੇ ਅੰਤਮ ਸਮੇਂ ਗੁਰਸਿੱਖੀ ਮਾਰਗ ਦੀ ਜ਼ਿੰਮੇਵਾਰੀ ਪ੍ਰਤੀ ਬਚਨ ਕਹੇ ਸਨ 'ਬਾਬਾ ਬਕਾਲਾ' (ਭਾਵ ਅਗਲਾ ਗੁਰੂ ਬਾਬਾ ਬਕਾਲੇ ਵਿਖੇ ਹੈ) । ਬਾਬਾ ਬਕਾਲਾ ਵਿਖੇ ਅਕਾਲ ਪੁਰਖ ਵਾਹਿਗੁਰੂ ਦੀ ਬੰਦਗੀ ਵਿਚ ਲੀਨ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਮਨੁੱਖੀ ਹੱਕਾਂ ਦੀ ਰਾਖੀ ਲਈ ਸੀਸ ਦੇ ਕੇ ਆਪਣੇ ਪੁਰਖਿਆਂ ਦੁਆਰਾ ਚਲਾਈ ਸ਼ਹਾਦਤ ਦੀ ਪਰੰਪਰਾ ਨੂੰ ਅੱਗੇ ਤੋਰਿਆ। ਸਨਾਤਨੀ ਮਤ ਅਨੁਸਾਰ ਪਹਿਨਾਏ ਜਾਣ ਵਾਲੇ ਜਨੇਊ ਨੂੰ ਨਾਂਹ ਤਾਂ ਸ੍ਰੀ ਗੁਰੂ ਨਾਨਕ ਦੇਵ ਜੀ ਨੇ ਛੋਟੀ ਉਮਰ ਵਿਚ ਹੀ ਕਰ ਦਿੱਤੀ ਸੀ, ਲੇਕਿਨ ਕਸ਼ਮੀਰੀ ਪੰਡਿਤਾਂ ਦਾ ਜਬਰੀ ਜਨੇਊ ਲਾਹੇ ਜਾਣ ਦੀ ਵਿਰੋਧਤਾ ਜਿਤਾਉਂਦਿਆਂ ਤੇ ਧਰਮ ਦੀ ਅਜ਼ਾਦੀ ਬਹਾਲ ਰੱਖਣ ਖਾਤਰ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਨੇ ਦਿੱਲੀ ਦੇ ਚਾਂਦਨੀ ਚੌਂਕ ਵਿਚ ਸੀਸ ਦਿੱਤਾ ਸੀ, ਜਿਨ੍ਹਾਂ ਦੇ ਦੋ ਪੋਤਰੇ ਸਾਹਿਬਜ਼ਾਦਾ ਅਜੀਤ ਸਿੰਘ ਤੇ ਜੁਝਾਰ ਸਿੰਘ ਧਰਮ ਖਾਤਰ ਚਮਕੌਰ ਦੇ ਮੈਦਾਨ ਵਿਚ ਦੁਸ਼ਮਣਾਂ ਨਾਲ ਲੜਦਿਆਂ ਸ਼ਹੀਦ ਹੋਏ ਅਤੇ ਦੋ ਪੋਤਰੇ ਸਾਹਿਬਜ਼ਾਦਾ ਜੋਰਾਵਰ ਸਿੰਘ ਅਤੇ ਸਾਹਿਬਜ਼ਾਦਾ ਫਤਿਹ ਸਿੰਘ ਨੇ ਧਰਮ ਛੱਡਣ ਦੀ ਬਜਾਇ ਜਿਊਂਦੇ ਨੀਂਹਾਂ ਵਿਚ ਚਿਣੇ ਜਾਣਾ ਕਬੂਲ ਕੀਤਾ। ਸਿੱਖ ਇਤਿਹਾਸ ਵਿਚ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਦੇ ਚਾਰੇ ਪੋਤਰਿਆਂ ਨੂੰ ਬਾਬਾ ਅਜੀਤ ਸਿੰਘ, ਬਾਬਾ ਜੁਝਾਰ ਸਿੰਘ, ਬਾਬਾ ਜੋਰਾਵਰ ਸਿੰਘ ਅਤੇ ਬਾਬਾ ਫਤਿਹ ਸਿੰਘ ਵਜੋਂ ਪ੍ਰਵਾਨ ਕਰਦਿਆਂ ਸਤਿਕਾਰ ਕੀਤਾ ਜਾਂਦਾ ਹੈ। ਪਹਿਲਾਂ ਪਿਤਾ, ਫਿਰ ਪੁੱਤਰ, ਮਾਤਾ ਅਤੇ ਫਿਰ ਜਾਨ ਤੋਂ ਪਿਆਰੇ ਅਣਗਿਣਤ ਸਿੰਘਾਂ ਨੂੰ ਪੰਥ ਦੀ ਖਾਤਰ ਕੁਰਬਾਨ ਕਰਨ ਉਪਰੰਤ ਵੀ ਪਰਮ ਪੁਰਖ ਦੀ ਰਜ਼ਾ ਵਿਚ ਰਹਿਣ ਵਾਲੇ ਦਸਮੇਸ਼ ਪਿਤਾ ਦਾ ਧਰਮ ਚਲਾਵਨ ਸੰਤ ਉਭਾਰਨ ਦਾ ਮਿਸ਼ਨ ਜਾਰੀ ਰਹਿੰਦਾ ਹੈ।ਦਸਮ ਪਿਤਾ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦਾ ਥਾਪੜਾ ਹਾਸਲ ਕਰ ਪੰਜਾਬ 'ਚੋਂ ਮੁਗ਼ਲ ਰਾਜ ਦੀਆਂ ਜੜ੍ਹਾਂ ਉਖਾੜਨ ਅਤੇ ਖਾਲਸਾ ਰਾਜ ਦੀ ਸਥਾਪਨਾ ਕਰਨ ਵਾਲਾ ਬਾਬਾ ਬੰਦਾ ਸਿੰਘ ਬਹਾਦਰ, ਗੁਰੂ ਸਾਹਿਬਾਨ ਅਤੇ ਗੁਰੂ ਪਰਵਾਰ ਤੋਂ ਬਾਅਦ ਪਹਿਲਾ ਕੌਮੀ ਸੂਰਬੀਰ ਯੋਧਾ ਤੇ ਸਿੱਖ ਆਗੂ ਹੈ। ਸਿੱਖ ਕੌਮ ਦੀ ਅੱਡਰੀ, ਨਿਆਰੀ ਹਸਤੀ ਅਤੇ ਵਿੱਲਖਣ ਹੋਂਦ-ਹਸਤੀ ਬਰਕਰਾਰ ਰੱਖਣ, ਆਪਣੇ ਗੁਰਧਾਮਾਂ ਅਤੇ ਸ੍ਰੀ ਗੁਰੂਗ੍ਰੰਥ ਸਾਹਿਬ ਜੀ ਦੀ ਮਾਣ-ਮਰਯਾਦਾ ਕਾਇਮ ਰੱਖਣ ਲਈ ਆਪਾ ਵਾਰਨ ਵਾਲੇ ਕੌਮ ਦੇ ਅਜਿਹੇ ਜਾਂਬਾਂਜ਼ ਸਿੱਖਾਂ ਦੀ ਫਰਿਸਤ ਕਾਫੀ ਲੰਮੀ ਹੈ। ਬੰਦ-ਬੰਦ ਕਟਵਾ ਕੇ ਸ਼ਹਾਦਤਾਂ ਦਾ ਜਾਮ ਪੀਣ ਵਾਲੇ ਭਾਈ ਮਨੀ ਸਿੰਘ ਜੀ, ਸ੍ਰੀ ਹਰਿਮੰਦਰ ਸਾਹਿਬ ਦੀ ਰਾਖੀ ਲਈ ਸੀਸ ਤਲੀ 'ਤੇ ਟਿਕਾ ਕੇ ਲੜਨ ਵਾਲੇ ੮੦-ਸਾਲਾ ਬਜ਼ੁਰਗ ਬਾਬਾ ਦੀਪ ਸਿੰਘ ਜੀ, ਖੋਪੜੀ ਲੁਹਾ ਕੇ ਸਿੱਖੀ ਕਾਇਮ ਰੱਖਣ ਵਾਲੇ ਭਾਈ ਤਾਰੂ ਸਿੰਘ ਜੀ, ਸਿੱਖੀ ਸਿਦਕ ਲਈ ਦੇਗ ਵਿਚ ਉਬਾਲੇ ਜਾਣ ਵਾਲੇ ਭਾਈ ਦਿਆਲਾ ਜੀ, ਸ੍ਰੀ ਹਰਿਮੰਦਰ ਸਾਹਿਬ ਦੀ ਪਵਿੱਤਰਤਾ ਕਾਇਮ ਰੱਖਣ ਲਈ ਸ਼ਹਾਦਤਾਂ ਪਾਉਣ ਵਾਲੇ ਭਾਈ ਸੁੱਖਾ ਸਿੰਘ ਭਾਈ ਮਹਿਤਾਬ ਸਿੰਘ, ਬਾਬਾ ਨੌਧ ਸਿੰਘ, ਬਾਬਾ ਗੁਰਬਖਸ਼ ਸਿੰਘ, ਖਾਲਸੇ ਦੀ ਹੋਂਦ ਬਰਕਰਾਰ ਰੱਖਣ ਲਈ ਸ਼ਹਾਦਤ ਦਾ ਜਾਮ ਪੀਣ ਵਾਲੇ ਬਾਬਾ ਬੋਤਾ ਸਿੰਘ ਬਾਬਾ ਗਰਜਾ ਸਿੰਘ ਆਦਿ ਸਾਡੇ ਲਈ ਅਤਿ ਸਤਿਕਾਰ ਯੋਗ ਹਨ। ਬਾਬਾ ਬੰਦਾ ਸਿੰਘ ਬਹਾਦਰ ਵੱਲੋਂ ਖਾਲਸਾ ਰਾਜ ਦੀ ਕੀਤੀ ਸਥਾਪਨਾ ਤੋਂ ਲੈ ਕੇ ਸ਼ੇਰ-ਏ-ਪੰਜਾਬ ਮਹਾਰਾਜਾ ਰਣਜੀਤ ਸਿੰਘ ਦੇ ਸਿੱਖ ਰਾਜ ਨੂੰ ਸਥਾਪਿਤ ਕਰਨ ਵਿਚ ਬਾਬਾ ਅਕਾਲੀ ਫੂਲਾ ਸਿੰਘ, ਸਰਦਾਰ ਹਰੀ ਸਿੰਘ ਨਲੂਆ, ਸਰਦਾਰ ਸ਼ਾਮ ਸਿੰਘ ਅਟਾਰੀ ਵਾਲਾ ਅਤੇ ਬਾਬਾ ਬਘੇਲ ਸਿੰਘ ਕਰੋੜਸਿੰਘੀਆ ਜਿਹੇ ਫੌਲਾਦੀ ਮਰਦ ਅਤੇ ਵਡੇਰੀ ਉਮਰ ਦੇ ਯੋਧਿਆਂ ਵਰਤਮਾਨ ਦੌਰ ਦੇ ਸ਼ਹੀਦਾਂ ਦੀ ਦੇਣ ਨੂੰ ਕਦੇ ਅਖੋਂ ਪਰੋਖੇ ਨਹੀਂ ਕੀਤਾ ਜਾ ਸਕਦਾ।ਸਿੱਖ ਸਿਧਾਂਤਾਂ, ਗੁਰਧਾਮਾਂ ਤੇ ਗੁਰੂ ਗ੍ਰੰਥ ਸਾਹਿਬ ਦੀ ਰਾਖੀ ਅਤੇ ਮਾਣ ਮਰਯਾਦਾ ਖਾਤਰ ਜੂਝਣ ਵਾਲੇ ਸਮੁੱਚੇ ਸਿੱਦਕੀ, ਸਿਰੜੀ ਕੌਮੀ ਸ਼ਹੀਦਾਂ ਦੀ ਲਾਸਾਨੀ ਦਾਸਤਾਂ ਅੱਜ ਵੀ ਸਾਡਾ ਮਾਰਗ-ਦਰਸ਼ਨ ਕਰਦੀ ਹੈ ਤੇ ਕਰਦੀ ਰਹੇਗੀ।

**-ਸ. ਗੁਰਮੀਤ ਸਿੰਘ**

# GOOD AND DECENT CONDUCT

Gurbani aims to help a seeker blossom spiritually, remain tranquil mentally, and become morally refined. For decent conduct, one ought to cultivate the habit of speaking the truth. It is said that truth is one of God's own virtues; therefore, a life based upon truth is regarded as the righteous way of living. Yet, even higher than merely realising the Truth is a life grounded in righteous conduct and truthful living.

ਸਚਹੁ ਓਰੈ ਸਭੁ ਕੋ ਉਪਰਿ ਸਚੁ ਆਚਾਰੁ ॥ਅੰਗ-62

Realisation of Truth is higher than all else; higher still is truthful living. Pg-62 Since nothing is higher than truthful living, one should make it the very foundation of life. When truth becomes the basis of one's life, other virtues naturally follow. Gurbani especially states that those devotees who observe truth as their sacred fast, contentment and fortitude as their pilgrimage, wisdom and meditation as their spiritual bath, compassion as their deity, and forgiveness as their rosary, are people of noble and refined conduct possessing sublime character.

ਸਚੁ ਵਰਤੁ ਸੰਤੋਖੁ ਤੀਰਥੁ ਗਿਆਨੁ ਧਿਆਨੁ ਇਸਨਾਨੁ ॥ਦਇਆ ਦੇਵਤਾ ਖਿਮਾ ਜਪਮਾਲੀ ਤੇ ਮਾਣਸ ਪਰਧਾਨ॥ਅੰਗ-1245

Those who adopt truth as their sacred fast, contentment as their pilgrimage, and wisdom and meditation as their cleansing bath;who make compassion their deity and forgiveness their rosary such people are supreme among mankind.Pg-1245 People of good conduct and truthful living never cast lustful eyes upon the wealth, honour, or relationships of others.

ਲੋਭਾਦਿ ਦ੍ਰਿਸਟਿ ਪਰਗ੍ਰਿਹੰ ਜਦਿ ਬਿਧਿ ਆਚਰਣੰ ॥ਤਜਿ ਸਕਲ ਦੁਹਕ੍ਰਿਤ ਦੁਰਮਤੀ ਭਜੁ ਚਕ੍ਰਧਰ ਸਰਣੰ॥ਅੰਗ-526

Whoever wishes to perform righteous deedsmust discard greedy and lustful glances towards others. One must also abandon all evil actions and thoughtsand seek refuge in the Lord of the Discus.Pg-526 A person who lives according to Gurbani fully realises that every woman deserves honour and respect, and that no impure or immoral glance should ever be cast upon her. Whoever indulges in such wrongful acts, even secretly, cannot escape the sight of God and ultimately faces disgrace and shame. A righteous way of life and pious conduct are essential for honourable living.

ਦੇਇ ਕਿਵਾੜ ਅਨਿਕ ਪੜਦੇ ਮਹਿ ਪਰ ਦਾਰਾ ਸੰਗਿ ਫਾਕੈ ॥ਚਿਤ੍ਰ ਗੁਪਤੁ ਜਬ ਲੇਖਾ ਮਾਗਹਿ ਤਬ ਕਉਣੁ ਪੜਦਾ ਤੇਰਾ ਢਾਕੈ ॥ਅੰਗ-616

Behind closed doors and hidden behind many curtains,man indulges in relations with another's wife. But when the Divine Recorders demand the account of one's deeds,who then shall shield him from exposure? Pg-616 The person who refrains from coveting another's wealth or engaging in immoral relations is regarded as one of noble conduct and becomes pleasing to God. The Divine Lord resides within every limb and pore of such a being.ਪਰ ਧਨ ਪਰ ਦਾਰਾ ਪਰਹਰੀ॥

ਤਾ ਕੈ ਨਿਕਟਿ ਬਸੈ ਨਰਹਰੀ॥ਅੰਗ-1163

Whoever renounces another's wealth and another's spouse, near such a person abides the Lord Himself. Pg-1163 In modern times, it is widely recognised that immoral and irresponsible sexual conduct can harm both one's character and physical health. Such behaviour may also expose individuals to serious and life-threatening diseases, including AIDS. Gurbani therefore encourages self-restraint, fidelity, purity of conduct, and moral discipline.To live an honourable and socially respectable life, Guru Gobind Singh instructed Sikhs to remain morally disciplined and faithful in their conduct. A Sikh of the Guru should carefully follow the Guru's teachings, which are beneficial socially, morally, spiritually, and even physically. If we wish to walk upon the path of righteous conduct, we must renounce greed and avoid coveting another person's wealth or spouse.

ਕਰਿ ਆਚਾਰੁ ਸਚੁ ਸੁਖੁ ਹੋਈ॥ਅੰਗ-931

By practising righteous conduct, true peace is obtained.Pg-931Gurbani, in every respect, prepares us to maintain noble, decent, and respectable character and conduct, which form the foundation of an admirable personality worthy of emulation. As the everlasting Guru, Gurbani teaches us the righteous and noble way to live. By following its guidance, sorrow and suffering may be avoided, and through virtuous deeds one attains true peace and inner balance. Without the Divine Name, liberation is not possible. ਕਰਿ ਆਚਾਰੁ ਸਚੁ ਸੁਖੁ ਹੋਈ॥ਨਾਮ ਵਿਹੂਣਾ ਮੁਕਤਿ ਕਿਵ ਹੋਈ॥ਅੰਗ-931Practising righteous conduct, the mortal obtains true peace.Without the Divine Name, how can liberation ever be attained.Pg-931

**Saroop Singh Alag**

# ਛੋਟੇ ਘੱਲੂਘਾਰਾ ਦੇ ਸ਼ਹੀਦਾਂ ਨੂੰ ਪ੍ਰਣਾਮ ਕਰਦਿਆਂ



ਸਾਡੇ ਕੌਮੀ ਇਤਿਹਾਸ ਵਿੱਚ ਛੋਟੇ ਘੱਲੂਘਾਰੇ ਦੇ ਨਾਂਅ ਨਾਲ ਜਾਣਿਆਂ ਜਾਂਦਾ ਖੂਨੀ ਸਾਕਾ 1746 ਈ: ਦੇ ਮਈ-ਜੂਨ ਦੇ ਮਹੀਨਿਆਂ ਵਿੱਚ ਵਾਪਰਿਆ । ਇਤਿਹਾਸਕ ਤੱਥਾਂ ਮੁਤਾਬਕ 1745 ਈ: ਦੇ ਜੁਲਾਈ ਮਹੀਨੇ ਵਿੱਚ ਜ਼ਕਰੀਆ ਖਾਨ ਦੀ ਮੌਤ ਤੋਂ ਪਿੱਛੋਂ ਉਸ ਦਾ ਲੜਕਾ ਯਹੀਆ ਖਾਨ ਲਾਹੌਰ ਦਾ ਸੂਬੇਦਾਰ ਬਣਿਆ । ਉਹ ਆਪਣੇ ਪਿਉ ਨਾਲੋਂ ਵੀ ਵੱਧ ਕੇ ਜ਼ੁਲਮੀ ਸ਼ਾਸਕ ਸੀ । ਉਹ ਆਪਣੇ ਪਿਉ ਵਾਂਗ ਹੀ ਸਿੱਖਾਂ ਦਾ ਖੁਰਾ-ਖੋਜ ਮਿਟਾਉਣ ਲਈ ਹਰ ਸਮੇਂ ਗੋਂਦਾ ਗੁੰਦਦਾ ਰਹਿੰਦਾ ਸੀ । ਉਸ ਨੇ ਲਖਪਤ ਰਾਏ ਨੂੰ ਆਪਣਾ ਦੀਵਾਨ ਨਿਯੁਕਤ ਕੀਤਾ । ਐਮਨਾਬਾਦ (ਸ਼ੈਦਪੁਰ) ਹੁਣ ਲਹਿੰਦਾ ਪੰਜਾਬ (ਪਾਕਿਸਤਾਨ) ਦੇ ਨੇੜੇ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਚਰਨ-ਛੋਹ ਪ੍ਰਾਪਤ ਗੁਰਦੁਆਰਾ ਰੋੜੀ ਸਾਹਿਬ ਦੇ ਦਰਸ਼ਨ ਲਈ ਇਕ ਸਿੱਖ ਜਥੇ ਦੀ ਆਮਦ ਦਾ ਲਖਪਤ ਰਾਏ ਨੂੰ ਪਤਾ ਲੱਗਾ । ਉਸ ਨੇ ਇਸ ਜਥੇ ਨੂੰ ਰੋਕਣ ਲਈ ਆਪਣੇ ਭਰਾ ਜਸਪਤ ਰਾਏ ਦੀ ਅਗਵਾਈ ਵਿੱਚ ਇਕ ਫੌਜੀ ਟੁਕੜੀ ਲਾਹੌਰ ਤੋਂ ਭੇਜੀ । ਇਸ ਸਿੱਖ ਜਥੇ ਨੂੰ ਐਮਨਾਬਾਦ ਤੋਂ 25 ਕੁ ਕਿਲੋਮੀਟਰ ਦੂਰ ਪਿੰਡ ਬਦੋਲੀ ਗੁਜਾਈਆਂ ਨੇੜੇ ਰੋਕਣ ਦਾ ਯਤਨ ਕੀਤਾ ਗਿਆ । ਇਹ ਘਟਨਾ 1746 ਈ: ਦੇ ਆਰੰਭਿਕ ਦਿਨਾਂ ਦੀ ਹੈ । ਸਿੱਖ ਜਥਾ ਲੜਨਾ ਨਹੀਂ ਸੀ ਚਾਹੁੰਦਾ, ਉਹ ਕੇਵਲ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਇਸ ਅਸਥਾਨ ਦੇ ਸ਼ਰਧਾ ਸਾਹਿਤ ਦਰਸ਼ਨ ਹੀ ਕਰਨਾ ਚਾਹੁੰਦਾ ਸੀ । ਪਰ ਜਸਪਤ ਰਾਏ ਨੇ ਜਥੇ ਦੇ ਜ਼ਿੰਮੇਦਾਰ ਸਿੰਘਾਂ ਦੀ ਇਕ ਵੀ ਨਾ ਸੁਣੀ । ਸ਼ਰਧਾਲੂ ਜਥੇ ਉੱਪਰ ਹਮਲਾ ਕਰ ਦਿੱਤਾ ਗਿਆ । ਇਸ ਝੜਪ ਵਿੱਚ ਭਾਈ ਨਿਭਾਹੂ ਸਿੰਘ ਦੇ ਨਾਂਅ ਦੇ ਇਕ ਸਿੱਖ ਯੋਧੇ ਨੇ ਹਾਥੀ ਦੀ ਪੂਛ ਫੜਦੇ ਹੋਏ ਵਿੱਚ ਬੈਠੇ ਦੀਵਾਨ ਜਸਪਤ ਰਾਏ ਦਾ ਸਿਰ ਕਲਮ ਕਰ ਦਿੱਤਾ । ਇਸ ਘਟਨਾ ਤੋਂ ਪਿੱਛੋਂ ਇਸ ਘੱਲੂਘਾਰੇ ਦਾ ਮੁੱਢ ਬਝਦਾ ਹੈ ।

ਲਖਪਤ ਰਾਏ ਨੂੰ ਜਦੋਂ ਭਰਾ ਦੀ ਮੌਤ ਦੀ ਖ਼ਬਰ ਮਿਲੀ ਤਾਂ ਉਸ ਨੇ ਕ੍ਰੋਧ ਵਿੱਚ ਆ ਕੇ ਫੌਜਦਾਰ ਯਹੀਆ ਖਾਨ ਦੀ ਹਾਜ਼ਰੀ ਵਿੱਚ ਪੱਗ ਲਾਹ ਕੇ ਸਹੁੰ ਖਾਧੀ ਕਿ ਹੁਣ ਮੇਰੀ ਹਕੂਮਤ ਸਿੱਖੀ ਦਾ ਨਾਮੋ-ਨਿਸ਼ਾਨ ਮਿਟਾ ਦੇਵੇਗੀ । ਉਸ ਨੇ ਲਾਹੌਰ ਦੇ ਸੂਬੇਦਾਰ ਯਹੀਆ ਖਾਨ ਦੀ ਸਹਿਮਤੀ ਨਾਲ ਲਾਹੌਰ ਦੀ ਫੌਜ ਤੋਂ ਇਲਾਵਾ ਮੁਲਤਾਨ, ਬਹਾਵਲਪੁਰ ਅਤੇ ਜਲੰਧਰ ਦੇ ਫੌਜਦਾਰਾਂ ਤੋਂ ਸਹਾਇਤਾ ਮੰਗੀ । ਨਾਲ ਹੀ ਪਹਾੜੀ ਰਾਜਿਆਂ ਨੂੰ ਵੀ ਸੁਚੇਤ ਕੀਤਾ ਕਿ ਸਿੱਖ ਕਿਧਰੇ ਪਹਾੜੀ ਰਿਆਸਤਾਂ ਵੱਲ ਕੂਚ ਨਾ ਕਰ ਜਾਣ । ਸਭ ਤੋਂ ਪਹਿਲਾਂ ਲਾਹੌਰ ਦੇ ਸਾਰੇ ਸਿੱਖਾਂ ਨੂੰ ਫੜ ਕੇ ਕਤਲ ਕਰਨ ਦਾ ਹੁਕਮ ਦਿੱਤਾ । ਲਾਹੌਰ ਦੇ ਮੁਖੀ ਸੱਜਣਾਂ ਨੇ ਲਖਪਤ ਰਾਏ ਨੂੰ ਬਹੁਤ ਸਮਝਾਇਆ, ਪਰ ਉਸ ਦੇ ਕੰਨ 'ਤੇ ਜੂੰ ਨਾ ਸਰਕੀ । ਉਸ ਨੇ ਢੋਲ ਵਜਾ ਕੇ ਡੌਂਡੀ ਪਿਟਵਾਈ ਅਤੇ ਐਲਾਨ ਕੀਤਾ, ਕੋਈ ਸਿੱਖ ਗੁਰਬਾਣੀ ਨਹੀਂ ਪੜ੍ਹੇਗਾ, ਗੁੜ ਸ਼ਬਦ ਦਾ ਉਚਾਰਨ ਨਹੀਂ ਕਰੇਗਾ । ਕਿਉਂਕਿ ਅਜਿਹਾ ਕਰਨ ਨਾਲ ਗੁਰੂ ਯਾਦ ਆਉਂਦਾ ਹੈ, ਗੁੜ ਦੀ ਰੋੜੀ ਕਿਹਾ ਜਾਵੇ । ਸਾਰੇ ਸਿੰਘਾਂ ਨੇ ਗੁਰਮਤਾ ਕਰਕੇ ਯੁੱਧ ਨੀਤੀ ਨੂੰ ਵਿਚਾਰਦਿਆਂ ਗੁਰਦਾਸਪੁਰ ਜ਼ਿਲ੍ਹੇ ਦੇ ਕਾਦੀਆਂ ਕਸਬੇ ਤੋਂ ਅੱਠ ਕਿਲੋਮੀਟਰ ਦੂਰ ਕਾਹਨੂੰਵਾਨ ਦੇ ਛੰਭ ਵਿੱਚ ਡੇਰੇ ਲਾ ਲਏ । ਇਸ ਛੰਭ ਦਾ ਸੰਘਣਾ ਜੰਗਲ ਪਹਿਲਾਂ ਵੀ ਮੁਸੀਬਤ ਸਮੇਂ ਸਿੰਘਾਂ ਦੀ ਲੁਕਣਗਾਹ ਸੀ । ਲਖਪਤ ਰਾਏ ਨੇ ਲਾਹੌਰ ਤੇ ਸ੍ਰੀ ਅੰਮ੍ਰਿਤਸਰ ਸਾਹਿਬ ਸਿੱਖਾਂ ਦਾ ਬਹੁਤ ਨੁਕਸਾਨ ਕੀਤਾ । ਹੁਣ ਉਸ ਨੇ ਕਾਹਨੂੰਵਾਨ ਦੇ ਛੰਭ ਨੂੰ ਘੇਰਨ ਦਾ ਹੁਕਮ ਦਿੱਤਾ । ਛੰਭ ਵਿੱਚ ਘਿਰੇ ਹੋਏ ਸਿੰਘ ਕੰਡਿਆਂ, ਝਾੜੀਆਂ ਦੇ ਜੰਗਲ ਵਿੱਚ ਭੁੱਖਣ-ਭਾਣੇ ਦੁਸ਼ਮਣ ਨਾਲ ਗੁਰੀਲਾ ਢੰਗ ਨਾਲ ਲੜਦੇ ਰਹੇ । ਸਿੰਘਾਂ ਕੋਲ ਲਖਪਤ ਰਾਏ ਦੇ ਮੁਕਾਬਲੇ ਦਾ ਕੋਈ ਤੋਪਖਾਨਾ ਵੀ ਨਹੀਂ ਸੀ, ਨਾ ਹੀ ਅਜਿਹੇ ਹਥਿਆਰ ਜਿਨ੍ਹਾਂ ਨਾਲ ਦੁਸ਼ਮਣ ਨੂੰ ਭਾਂਜ ਦਿੱਤੀ ਜਾ ਸਕੇ । ਸਿੰਘਾਂ ਨੂੰ ਜੰਗਲ ਵਿੱਚ ਰਹਿਣ ਦੀ ਜਾਚ ਸੀ ।

ਲਖਪਤ ਰਾਏ ਨੇ ਪਹਿਲਾਂ ਜੰਗਲ ਕੱਟ ਕੇ ਤੋਪਾਂ ਲਈ ਰਸਤਾ ਬਣਾਇਆ ਅਤੇ ਨਾਲ ਹੀ ਜੰਗਲ ਨੂੰ ਅੱਗ ਲਾ ਦਿੱਤੀ । ਛੰਭ ਵਿੱਚ ਪੰਜ ਹਜ਼ਾਰ ਸਿੱਖਾਂ 'ਤੇ ਮੁਸੀਬਤ ਦਾ ਪਹਾੜ ਟੁੱਟ ਪਿਆ । ਸਿੰਘਾਂ ਲਈ ਇਹ ਘੋਰ ਬਿਪਤਾ ਦਾ ਸਮਾਂ ਸੀ, ਪਰ ਫਿਰ ਵੀ ਮੁਗਲ ਸੈਨਾ ਦਾ ਟਾਕਰਾ ਉਨ੍ਹਾਂ ਬੜੀ ਬਹਾਦਰੀ ਨਾਲ ਕੀਤਾ । ਛੰਭ ਛੱਡ ਕੇ ਜਾਣ ਦਾ ਕੋਈ ਰਸਤਾ ਨਹੀਂ ਸੀ । ਲਖਪਤ ਰਾਏ ਦੀਆਂ ਫੌਜਾਂ ਮਾਰੋ-ਮਾਰ ਕਰਦੀਆਂ ਆ ਰਹੀਆਂ ਸਨ । ਇਸ ਘੇਰੇ ਵਿੱਚ ਮੁਖੀ ਜਰਨੈਲਾਂ ਵਿੱਚ ਬੁੱਢਾ ਦਲ ਦੇ ਮੁਖੀ ਨਵਾਬ ਕਪੂਰ ਸਿੰਘ, ਸਰਦਾਰ ਜੱਸਾ ਸਿੰਘ ਆਹਲੂਵਾਲੀਆ, ਸ। ਸੁੱਖਾ ਸਿੰਘ ਮਾੜੀ ਕੰਬੋਕੀ, ਸ। ਗੁਰਦਿਆਲ ਸਿੰਘ ਡੱਲੇਵਾਲ ਆਦਿ ਅਗਵਾਈ ਕਰ ਰਹੇ ਸਨ । ਲਖਪਤ ਰਾਏ ਦੇ ਨਾਮੀ ਜਰਨੈਲ ਇਸ ਯੁੱਧ ਵਿੱਚ ਮਾਰੇ ਗਏ । ਕੁਝ ਕੁ ਸਿੰਘਾਂ ਨੇ ਬਚ-ਬਚਾ ਕੇ ਲੰਮਾ ਸਫ਼ਰ ਤੈਅ ਕਰਕੇ ਰਾਵੀ ਦਰਿਆ ਪਾਰ ਕਰਕੇ ਕਠੂਆ ਤੋਂ ਬਸੌਲੀ ਵੱਲ ਮੂੰਹ ਕੀਤਾ । ਪਰ ਮੁੱਢ ਤੋਂ ਖ਼ਾਲਸੇ ਨਾਲ ਵੈਰ ਭਾਵ ਰੱਖਣ ਵਾਲੇ ਪਹਾੜੀ ਰਾਜਿਆਂ ਨੇ ਵੀ ਗੋਲੀਆਂ ਨਾਲ ਸਵਾਗਤ ਕੀਤਾ । ਇਸ ਲੜਾਈ ਵਿੱਚ ਸੱਤ ਹਜ਼ਾਰ ਤੋਂ ਦੱਸ ਹਜ਼ਾਰ ਤੱਕ ਸਿੰਘਾਂ ਨੇ ਸ਼ਹਾਦਤ ਦਾ ਜਾਮ ਪੀਤਾ । ਤਿੰਨ ਹਜ਼ਾਰ ਸਿੰਘਾਂ ਨੂੰ ਫੜ ਕੇ ਲਾਹੌਰ ਦੇ ਨਖਾਸ ਚੌਂਕ ਵਿੱਚ ਸ਼ਹੀਦ ਕੀਤਾ ਗਿਆ । ਕੁਝ ਕੁ ਸਿੰਘ ਮਾਲਵੇ ਵੱਲ ਤੇ ਕੁਝ ਕੁ ਸਿੰਘ ਪਹਾੜਾਂ ਵੱਲ ਨਿਕਲ ਗਏ । ਪਹਿਲਾਂ ਇਸ ਯੁੱਧ ਨੂੰ ਕੇਵਲ ਘੱਲੂਘਾਰਾ ਹੀ ਕਿਹਾ ਜਾਂਦਾ ਸੀ, ਪਰ ਇਸ ਯੁੱਧ ਤੋਂ 16 ਸਾਲ ਪਿੱਛੋਂ 1762 ਈ: ਵਿੱਚ ਕੁੱਪ-ਰੁਹੀੜਾ ਦੇ ਅਸਥਾਨ 'ਤੇ ਹੋਏ ਵੱਡੇ ਘੱਲੂਘਾਰੇ ਤੋਂ ਬਾਅਦ ਇਸ ਨੂੰ ਛੋਟਾ ਘੱਲੂਘਾਰਾ ਕਿਹਾ ਜਾਣ ਲੱਗਾ । ਇਸ ਤਰ੍ਹਾਂ ਪਹਿਲੀ ਵਾਰ ਸਿੱਖਾਂ ਦਾ ਏਨਾ ਜਾਨੀ ਨੁਕਸਾਨ ਹੋਇਆ । ਲਖਪਤ ਰਾਏ ਨੇ ਪਾਵਨ ਸ੍ਰੀ ਗੁਰੂ ਗ੍ਰੰਥ ਸਾਹਿਬ ਦੇ ਪਾਵਨ ਸਰੂਪਾਂ ਨੂੰ ਸਾੜਨ ਤੋਂ ਇਲਾਵਾ ਗੁਰਧਾਮਾਂ ਦਾ ਵੀ ਰੱਜ ਕੇ ਨੁਕਸਾਨ ਕੀਤਾ । ਘੱਲੂਘਾਰਾ ਦੇ ਇਸ ਅਸਥਾਨ ਉੱਪਰ ਸ਼ਹੀਦਾਂ ਦੀ ਯਾਦ ਵਿੱਚ ਗੁਰਦੁਆਰਾ ਸਾਹਿਬ ਦੀ ਇਮਾਰਤ ਦੀ ਉਸਾਰੀ ਕੀਤੀ ਗਈ । ਹਰ ਸਾਲ ਸ਼ਹੀਦਾਂ ਦੀ ਯਾਦ ਵਿੱਚ ਪ੍ਰਬੰਧਕ ਕਮੇਟੀ ਸੁਚਾਰੂ ਢੰਗ ਨਾਲ ਤਿੰਨ ਦਿਨਾਂ ਸ਼ਹੀਦੀ ਜੋੜ ਮੇਲਾ ਮਨਾਉਂਦੀ ਹੈ । ਇਸ ਤੋਂ ਇਲਾਵਾ ਕੁਝ ਕੁ ਸਾਲ ਪਹਿਲਾਂ ਪੰਜਾਬ ਸਰਕਾਰ ਨੇ ਘੱਲੂਘਾਰੇ ਦੀ ਯਾਦਗਾਰ ਬਣਾਈ ਹੈ । ਘੱਲੂਘਾਰੇ ਦੇ ਸ਼ਹੀਦਾਂ ਨੂੰ ਸਾਡਾ ਪ੍ਰਣਾਮ ।

**-ਭਗਵਾਨ ਸਿੰਘ ਜੌਹਲ**

# ਸਤਕਾਰ ਐਕਟ ਸਬੰਧੀ ਪੰਥਕ ਇਤਰਾਜ਼ਾਂ ਤੋਂ ਸੰਗਤਾਂ ਨੂੰ ਜਾਣੂ ਕਰਵਾਉਣ ਲਈ ਸ਼੍ਰੋਮਣੀ ਕਮੇਟੀ ਵੱਲੋਂ ਗੁਰਦੁਆਰਾ ਸਾਹਿਬਾਨ ਦੇ ਬਾਹਰ ਲਗਾਏ ਗਏ ਫਲੈਕਸ ਬੋਰਡ




ਅੰਮ੍ਰਿਤਸਰ-ਪੰਜਾਬ ਸਰਕਾਰ ਵੱਲੋਂ ਪਾਸ ਕੀਤੇ ਗਏ 'ਦ ਜਾਗਤ ਜੋਤ ਸ੍ਰੀ ਗੁਰੂ ਗ੍ਰੰਥ ਸਾਹਿਬ ਸਤਿਕਾਰ (ਸੋਧ) ਐਕਟ (2026)' ਵਿੱਚ ਮੌਜੂਦ ਖਾਮੀਆਂ ਅਤੇ ਪੰਥਕ ਇਤਰਾਜ਼ਾਂ ਬਾਰੇ ਸੰਗਤ ਨੂੰ ਜਾਣੂ ਕਰਵਾਉਣ ਲਈ ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਆਦੇਸ਼ ਅਨੁਸਾਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਵੱਖ-ਵੱਖ ਗੁਰਦੁਆਰਾ ਸਾਹਿਬਾਨ ਦੇ ਬਾਹਰ ਜਾਣਕਾਰੀ ਭਰਪੂਰ ਫਲੈਕਸ ਬੋਰਡ ਲਗਾਏ ਗਏ ਹਨ।

ਇਨ੍ਹਾਂ ਬੋਰਡਾਂ ਵਿੱਚ ਸਰਕਾਰ ਵੱਲੋਂ ਬਣਾਏ ਐਕਟ ਵਿੱਚ ਕਸਟੋਡੀਅਨ ਸ਼ਬਦ ਜ਼ਰੀਏ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਸੇਵਕ ਧਿਰ, ਗ੍ਰੰਥੀ ਤੇ ਅਖੰਡਪਾਠੀ ਸਿੰਘਾਂ, ਗੁਰਦੁਆਰਾ ਕਮੇਟੀਆਂ ਤੇ ਸ੍ਰੀ ਅਖੰਡ ਪਾਠ ਸਾਹਿਬ ਕਰਵਾਉਣ ਵਾਲੇ ਸ਼ਰਧਾਲੂਆਂ ਨੂੰ ਬੇਅਦਬੀ ਜਾਂ ਮਰਿਯਾਦਾ ਦੀ ਉਲੰਘਣਾ ਦੇ ਮਾਮਲਿਆਂ ਵਿਚ ਜ਼ਿੰਮੇਵਾਰ ਬਣਾ ਕੇ ਸਜ਼ਾ ਤੇ ਜੁਰਮਾਨਿਆਂ ਦੇ ਘੇਰੇ ਵਿੱਚ ਲਿਆਉਣ, ਮਰਿਆਦਾ ਦੀ ਉਲੰਘਣਾ ਨੂੰ ਕਨੂੰਨੀ ਉਲੰਘਣਾ ਵਜੋਂ ਦੋਸ਼ ਦੇ ਘੇਰੇ ਵਿੱਚ ਲਿਆ ਕੇ ਸੰਗਤਾਂ ਅੰਦਰ ਡਰ ਪੈਦਾ ਕਰਨ, ਪੁਲਿਸ ਵੱਲੋਂ ਗੁਰਦੁਆਰਾ ਸਾਹਿਬਾਨ ਅੰਦਰ ਸਿੱਧਾ ਦਖ਼ਲ ਦੇਣ ਲਈ ਰਾਹ ਬਣਾਉਣ, ਪੰਥਕ ਸ਼ਬਦਾਵਲੀ ਨੂੰ ਬਦਲਣ ਅਤੇ ਸੇਵਾ ਸੰਭਾਲ ਨਾਲ ਜੁੜੀ ਸ਼ਬਦਾਵਲੀ ਤੇ ਅਸਥਾਨਾਂ ਨੂੰ ਸਿੱਖ ਭਾਵਨਾਵਾਂ ਅਨੁਸਾਰ ਪ੍ਰਭਾਸ਼ਿਤ ਨਾ ਕਰਨ ਸਬੰਧੀ ਜਾਣਕਾਰੀ ਸ਼ਾਮਲ ਕੀਤੀ ਗਈ ਹੈ।

ਇਸ ਸੰਬੰਧੀ ਜਾਣਕਾਰੀ ਦਿੰਦਿਆਂ ਸ਼੍ਰੋਮਣੀ ਕਮੇਟੀ ਦੇ ਮੁੱਖ ਸਕੱਤਰ ਸ. ਕੁਲਵੰਤ ਸਿੰਘ ਮੰਨਣ ਨੇ ਕਿਹਾ ਕਿ ਇਹ ਕੌਮ ਦੀਆਂ ਭਾਵਨਾਵਾਂ ਨਾਲ ਜੁੜਿਆ ਹੋਇਆ ਬੇਹੱਦ ਸੰਜੀਦਾ ਮਾਮਲਾ ਹੈ। ਪੰਜਾਬ ਸਰਕਾਰ ਵੱਲੋਂ ਪਾਸ ਕੀਤੇ ਗਏ ਐਕਟ ਬਾਰੇ ਸਿੱਖ ਵਿਦਵਾਨਾਂ ਅਤੇ ਬੁੱਧੀਜੀਵੀਆਂ ਵੱਲੋਂ ਗੰਭੀਰ ਇਤਰਾਜ਼ ਪ੍ਰਗਟ ਕੀਤੇ ਗਏ ਹਨ।

ਇਨ੍ਹਾਂ ਗੰਭੀਰ ਇਤਰਾਜ਼ਾਂ ਤੋਂ ਸੰਗਤਾਂ ਨੂੰ ਜਾਣੂ ਕਰਵਾਇਆ ਜਾਣਾ ਬੇਹੱਦ ਜ਼ਰੂਰੀ ਹੈ। ਇਸੇ ਦੇ ਮੱਦੇਨਜ਼ਰ ਇਹ ਬੋਰਡ ਲਗਾਏ ਗਏ ਹਨ।ਉਨ੍ਹਾਂ ਕਿਹਾ ਕਿ ਕਿਹਾ ਕਿ ਸਿੱਖ ਕੌਮ ਲਈ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਬੇਅਦਬੀ ਦੇ ਮਾਮਲੇ ਬਹੁਤ ਹੀ ਸੰਵੇਦਨਸ਼ੀਲ ਹਨ ਅਤੇ ਇਸ ਸਬੰਧੀ ਬਣਾਇਆ ਜਾਣ ਵਾਲਾ ਕੋਈ ਵੀ ਕਾਨੂੰਨ ਪੰਥਕ ਭਾਵਨਾਵਾਂ, ਗੁਰਮਤਿ ਸਿਧਾਂਤਾਂ ਅਤੇ ਸ੍ਰੀ ਅਕਾਲ ਤਖ਼ਤ ਸਾਹਿਬ ਦੀ ਰਹਿਨੁਮਾਈ ਅਨੁਸਾਰ ਹੋਣਾ ਲਾਜ਼ਮੀ ਹੈ।ਉਨ੍ਹਾਂ ਸਮੂਹ ਸੰਗਤਾਂ ਨੂੰ ਅਪੀਲ ਕੀਤੀ ਕਿ ਉਹ ਇਸ ਮਾਮਲੇ ਸਬੰਧੀ ਜਾਗਰੂਕ ਰਹਿਣ ਅਤੇ ਪੰਥਕ ਏਕਤਾ ਤੇ ਸਿਧਾਂਤਾਂ ਦੀ ਰੱਖਿਆ ਲਈ ਸ੍ਰੀ ਅਕਾਲ ਤਖ਼ਤ ਸਾਹਿਬ ਦੀ ਅਗਵਾਈ ਹੇਠ ਇਕਜੁੱਟ ਹੋਣ।

# 'ਗੁਰੂ ਨਾਨਕ ਜਹਾਜ਼' ਦਾ ਸਹੀ ਨਾਂ ਵੈਨਕੂਵਰ ਦੇ ਸਮੁੰਦਰੀ ਤੱਟ 'ਤੇ ਬਹਾਲ

## ਇਤਿਹਾਸਿਕ ਸਥਾਨ 'ਤੇ 23 ਮਈ ਨੂੰ ਹੋਵੇਗਾ ਸਮਾਗਮ

ਵੈਨਕੂਵਰ, ਬੀਸੀ (ਡਾ. ਗੁਰਵਿੰਦਰ ਸਿੰਘ) ਵੈਨਕੂਵਰ ਦੇ ਸਮੁੰਦਰੀ ਤੱਟ ਉੱਪਰ ਇਤਿਹਾਸਕ ਸਥਾਨ 'ਤੇ, ਸਾਈਨੇਜ ਪੈਨਲਾਂ ਨੂੰ 'ਗੁਰੂ ਨਾਨਕ ਜਹਾਜ਼' ਦੇ ਸਹੀ ਨਾਂ 'ਤੇ ਬਹਾਲ ਕਰ ਦਿੱਤਾ ਗਿਆ ਹੈ। ਵੈਨਕੂਵਰ ਸ਼ਹਿਰ ਵੱਲੋਂ ਲਏ ਗਏ ਇਸ ਇਤਿਹਾਸਿਕ ਫੈਸਲੇ ਦੀ ਭਾਈਚਾਰੇ ਅੰਦਰ ਪੁਰਜ਼ੋਰ ਪ੍ਰਸ਼ੰਸਾ ਹੋ ਰਹੀ ਹੈ। ਵੈਨਕੂਵਰ ਸਿਟੀ ਅਨੁਸਾਰ," ਭਾਈਚਾਰਕ ਵਿਚਾਰ ਵਟਾਂਦਰੇ ਅਤੇ ਮਿਲੀ ਜਾਣਕਾਰੀ ਤੋਂ ਬਾਅਦ, ਅਸੀਂ ਹੁਣ 'ਕਾਮਾਗਾਟਾ ਮਾਰੂ' ਜਹਾਜ਼ ਨੂੰ ਇਸ ਦੇ ਸਹੀ ਨਾਂ, 'ਗੁਰੂ ਨਾਨਕ ਜਹਾਜ਼' ਨਾਲ ਸੰਬੋਧਿਤ ਕਰਦੇ ਹਾਂ। ਜਹਾਜ਼ ਨੂੰ ਇਸ ਦੇ ਸਹੀ ਨਾਂ ਨਾਲ ਬੁਲਾਉਣ ਨਾਲ ਵਿਰਾਸਤ ਦਾ ਸਨਮਾਨ ਹੁੰਦਾ ਹੈ।" ਵੈਨਕੂਵਰ ਸ਼ਹਿਰ ਨੇ ਪਿਛਲੇ ਸਾਲ 23 ਮਈ ਨੂੰ, ਗੁਰੂ ਨਾਨਕ ਜਹਾਜ਼ ਦੇ ਸਹੀ ਨਾਂ 'ਤੇ ਐਲਾਨ-ਨਾਮਾ ਜਾਰੀ ਕੀਤਾ ਸੀ। ਗੁਰੂ ਨਾਨਕ ਜਹਾਜ਼ 1914 ਵਿੱਚ ਕੈਨੇਡਾ ਪਲੇਸ ਦੇ ਮੌਜੂਦਾ ਸਥਾਨ ਦੇ ਨੇੜੇ ਰੋਕਿਆ ਗਿਆ ਸੀ, ਜਿਸ ਵਿੱਚ 341 ਸਿੱਖ, 24 ਮੁਸਲਮਾਨ ਅਤੇ 12 ਹਿੰਦੂ ਯਾਤਰੀ ਸਨ, ਜੋ ਕੈਨੇਡਾ ਦੀਆਂ ਨਸਲਵਾਦੀ ਅਤੇ ਬਾਹਰੀ ਇਮੀਗ੍ਰੇਸ਼ਨ ਨੀਤੀਆਂ ਨੂੰ ਚੁਣੌਤੀ ਦੇਣ ਆਏ ਸਨ।




ਉਨ੍ਹਾਂ ਨੂੰ ਸਹੀ ਯਾਤਰਾ ਦਸਤਾਵੇਜ਼ ਹੋਣ ਦੇ ਬਾਵਜੂਦ ਦਾਖਲ ਹੋਣ ਤੋਂ ਇਨਕਾਰ ਕਰ ਦਿੱਤਾ ਗਿਆ ਸੀ ਅਤੇ ਅੰਤ ਵਿੱਚ 'ਬ੍ਰਿਟਿਸ਼ ਭਾਰਤ' ਵਾਪਸ ਜਾਣ ਲਈ ਮਜਬੂਰ ਕੀਤਾ ਗਿਆ ਸੀ। 29 ਸਤੰਬਰ 1914 ਨੂੰ ਕਲਕੱਤੇ ਦੀ ਬਜਬਜ ਘਾਟ 'ਤੇ ਗੁਰੂ ਨਾਨਕ ਜਹਾਜ਼ ਪਹੁੰਚਣ ਸਮੇਂ ਮੁਸਾਫਰਾਂ 'ਤੇ ਗੋਲੀਆਂ ਚਲਾਈਆਂ ਗਈਆਂ ਸਨ ਅਤੇ ਸ੍ਰੀ ਗੁਰੂ ਗ੍ਰੰਥ ਸਾਹਿਬ ਦੀ ਪਵਿੱਤਰਤਾ ਦੀ ਰੱਖਿਆ ਕਰਦੇ ਹੋਏ, 19 ਯਾਤਰੀ ਸ਼ਹੀਦ ਹੋ ਗਏ ਸਨ। ਕੈਨੇਡਾ ਸਰਕਾਰ ਅਤੇ ਵੈਨਕੂਵਰ ਸ਼ਹਿਰ ਗੁਰੂ ਨਾਨਕ ਜਹਾਜ਼ ਦੇ ਮੁਸਾਫਰਾਂ ਨਾਲ ਨਸਲੀ ਵਿਤਕਰੇ ਅਤੇ ਧੱਕੇਸ਼ਾਹੀ ਲਈ ਪਹਿਲਾਂ ਹੀ ਮੁਆਫ਼ੀ ਮੰਗ ਚੁੱਕੇ ਹਨ।

'ਗੁਰੂ ਨਾਨਕ ਜਹਾਜ਼ ਹੈਰੀਟੇਜ ਸੁਸਾਇਟੀ' ਨੇ ਵੈਨਕੂਵਰ ਸ਼ਹਿਰ ਵੱਲੋਂ ਇਤਿਹਾਸਿਕ ਅਸਥਾਨ 'ਤੇ ਸਾਈਨੇਜ ਪੈਨਲਾਂ ਉੱਪਰ, ਗੁਰੂ ਨਾਨਕ ਜਹਾਜ਼ ਦਾ ਅਸਲੀ ਨਾਂ ਬਹਾਲ ਕਰਨ ਦੇ ਫੈਸਲੇ ਲਈ ਜਿੱਥੇ ਵੈਨਕੂਵਰ ਸ਼ਹਿਰ ਦਾ ਧੰਨਵਾਦ ਕੀਤਾ ਹੈ, ਉਥੇ ਆਸ ਪ੍ਰਗਟਾਈ ਹੈ ਕਿ ਕੈਨੇਡਾ ਸਰਕਾਰ ਵੀ ਆਪਣੇ ਮੁਆਫੀਨਾਮੇ ਵਿੱਚ ਸੋਧ ਕਰਦਿਆਂ, ਅਸਲੀ ਨਾਂ 'ਗੁਰੂ ਨਾਨਕ ਜਹਾਜ਼' ਨੂੰ ਛੇਤੀ ਤੋਂ ਛੇਤੀ ਬਹਾਲ ਕਰੇਗੀ। ਗੌਰਤਲਬ ਹੈ ਕਿ 23 ਮਈ, ਦਿਨ ਸ਼ਨਿਚਰਵਾਰ ਨੂੰ ਬਾਅਦ ਦੁਪਹਿਰ 2 ਵਜੇ ਤੋਂ 5 ਵਜੇ ਤੱਕ ਹਰਬਰ ਗਰੀਨ ਪਾਰਕ ਸਮੁੰਦਰੀ ਤੱਟ 'ਤੇ, ਗੁਰੂ ਨਾਨਕ ਜਹਾਜ਼ ਮੈਮੋਰੀਅਲ ਵਿਖੇ, ਬੀਸੀ ਖਾਲਸਾ ਦਰਬਾਰ, ਵੈਨਕੂਵਰ, ਬੋਰਡ ਆਫ ਪਾਰਕ ਐਂਡ ਰੀਕ੍ਰੀਏਸ਼ਨ ਤੇ ਵੈਨਕੂਵਰ ਸਿਟੀ ਦੇ ਸਹਿਯੋਗ ਨਾਲ, ਗੁਰੂ ਨਾਨਕ ਜਹਾਜ਼ ਹੈਰੀਟੇਜ ਸੁਸਾਇਟੀ ਵਲੋਂ ਦੁਪਹਿਰ ਦੋ ਵਜੇ ਤੋਂ ਪੰਜ ਵਜੇ ਤੱਕ, ਹਰ ਵਰ੍ਹੇ ਵਾਂਗ ਸਮਾਗਮ ਕਰਵਾਇਆ ਜਾ ਰਿਹਾ ਹੈ। ਅਹਿਮ ਗੱਲ ਇਹ ਹੈ ਕਿ ਜਿਸ ਜਗਾ ਤੋਂ ਨਸਲੀ ਜਬਰ ਨਾਲ 112 ਸਾਲ ਪਹਿਲਾਂ ਗੁਰੂ ਨਾਨਕ ਜਹਾਜ਼ ਮੋੜਿਆ ਗਿਆ ਸੀ, ਉਸੇ ਜਗ੍ਹਾ 'ਤੇ ਚੜਦੀ ਕਲਾ ਦੇ ਸਫਰ ਦੀ ਗੱਲ ਹੋਣੀ, ਗੁਰੂ ਨਾਨਕ ਜਹਾਜ਼ ਦੇ ਮੁਸਾਫਿਰਾਂ ਵੱਲੋਂ 'ਮਾਨਵਵਾਦੀ ਸਬਰ ਨਾਲ ਨਸਲਵਾਦੀ ਜਬਰ' 'ਤੇ ਗੌਰਵਮਈ ਜਿੱਤ ਕਹੀ ਜਾ ਸਕਦਾ ਹੈ।

# ਜਾਗਤ ਜੋਤ ਸ੍ਰੀ ਗੁਰੂ ਗ੍ਰੰਥ ਸਾਹਿਬ ਸਤਿਕਾਰ (ਸੋਧ) ਐਕਟ 2026 ਸਬੰਧੀ ਗੁਰਦੁਆਰਾ ਸ੍ਰੀ ਅੰਬ ਸਾਹਿਬ ਮੋਹਾਲੀ ਦੇ ਗ੍ਰੰਥੀ ਸਿੰਘਾਂ ਵੱਲੋਂ ਅਹਿਮ ਇਕੱਤਰਤਾ



ਮੋਹਾਲੀ-'ਜਾਗਤ ਜੋਤ ਸ੍ਰੀ ਗੁਰੂ ਗ੍ਰੰਥ ਸਾਹਿਬ ਸਤਿਕਾਰ (ਸੋਧ) ਐਕਟ 2026' ਵਿੱਚ ਧਾਰਮਿਕ ਮਸਲਿਆਂ ਸੰਬੰਧੀ ਖ਼ਦਸ਼ਿਆਂ ਨੂੰ ਲੈ ਕੇ ਅੱਜ ਗੁਰਦੁਆਰਾ ਸ੍ਰੀ ਅੰਬ ਸਾਹਿਬ ਮੋਹਾਲੀ ਵਿਖੇ ਸਮੂਹ ਗ੍ਰੰਥੀ ਸਿੰਘਾਂ ਦੀ ਵਿਸ਼ੇਸ਼ ਇਕੱਤਰਤਾ ਹੋਈ। ਇਸ ਇਕੱਤਰਤਾ ਵਿੱਚ ਗ੍ਰੰਥੀ, ਰਾਗੀ ਅਤੇ ਪ੍ਰਚਾਰਕ ਸਿੰਘਾਂ ਵੱਲੋਂ ਇਸ ਐਕਟ 'ਤੇ ਵਿਚਾਰ-ਵਟਾਂਦਰਾ ਕਰਦਿਆਂ ਇਸ ਕਾਨੂੰਨ ਵਿੱਚ ਸੋਧ ਕਰਨ ਦੀ ਮੰਗ ਕੀਤੀ ਗਈ।ਗ੍ਰੰਥੀ ਸਿੰਘਾਂ ਨੇ ਸਪਸ਼ਟ ਕੀਤਾ ਕਿ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀਆਂ ਬੇਅਦਬੀਆਂ ਕਰਨ ਵਾਲਿਆਂ ਸੰਬੰਧੀ ਸਖ਼ਤ ਕਾਨੂੰਨ ਬਣਨਾ ਚਾਹੀਦਾ ਹੈ। ਪਰੰਤੂ, ਇਸ ਕਾਨੂੰਨ ਤਹਿਤ ਗੁਰਦੁਆਰਾ ਸਾਹਿਬਾਨ ਦੀਆਂ ਕਮੇਟੀਆਂ ਅਤੇ ਗ੍ਰੰਥੀ ਸਿੰਘਾਂ 'ਤੇ ਕਾਨੂੰਨੀ ਪਾਬੰਦੀਆਂ ਸਿੱਖਾਂ ਦੀ ਅੰਦਰੂਨੀ ਮਰਯਾਦਾ ਵਿੱਚ ਸਿੱਧਾ ਦਖ਼ਲ ਹੈ। ਉਨ੍ਹਾਂ ਕਿਹਾ ਕਿ ਜੇਕਰ ਆਉਣ ਵਾਲੇ ਸਮੇਂ ਵਿੱਚ ਗ੍ਰੰਥੀ ਸਿੰਘਾਂ ਅਤੇ ਪ੍ਰਬੰਧਕ ਕਮੇਟੀਆਂ 'ਤੇ ਬਿਨਾਂ ਕਿਸੇ ਦੋਸ਼ ਦੇ ਸਤਿਕਾਰ ਐਕਟ 2026 ਤਹਿਤ ਪਰਚੇ ਦਰਜ ਕੀਤੇ ਜਾਣਗੇ ਤਾਂ ਕੋਈ ਵੀ ਸਿੱਖ ਕਾਨੂੰਨ ਦੇ ਡਰ ਤੋਂ ਪ੍ਰਬੰਧਕ ਕਮੇਟੀਆਂ ਅਤੇ ਗ੍ਰੰਥੀ ਸਿੰਘ ਵਜੋਂ ਗੁਰਦੁਆਰਾ ਸਾਹਿਬਾਨ ਵਿਖੇ ਸੇਵਾਵਾਂ ਨਹੀਂ ਨਿਭਾਵੇਗਾ। ਗੁਰਦੁਆਰਾ ਸ੍ਰੀ ਅੰਬ ਸਾਹਿਬ ਮੋਹਾਲੀ ਦੇ ਗ੍ਰੰਥੀ ਸਿੰਘਾਂ ਨੇ ਮੁੱਖ ਮੰਤਰੀ ਪੰਜਾਬ ਨੂੰ ਰਾਇ ਦਿੱਤੀ ਕਿ ਉਹ ਸਿੱਖ ਸੰਸਥਾਵਾਂ ਅਤੇ ਪ੍ਰਬੋਧ ਸਿੱਖ ਵਿਦਵਾਨਾਂ ਨਾਲ ਸਲਾਹ-ਮਸ਼ਵਰਾ ਕਰਕੇ ਕਾਨੂੰਨ ਵਿੱਚੋਂ ਉਹ ਮੱਦਾਂ ਤੁਰੰਤ ਹਟਵਾਉਣ ਜੋ ਸਿੱਖ ਜਗਤ ਦੇ ਵਿਰੁੱਧ ਜਾਂਦੀਆਂ ਹਨ। ਉਨ੍ਹਾਂ ਕਿਹਾ ਕਿ "ਸਾਡੇ ਲਈ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਸਤਿਕਾਰ ਅਤੇ ਸਰਵਉੱਚਤਾ ਸਭ ਤੋਂ ਉੱਪਰ ਹੈ। ਖ਼ਾਲਸਾ ਪੰਥ ਆਪਣੀ ਮਰਯਾਦਾ ਪ੍ਰਤੀ ਪੂਰੀ ਤਰ੍ਹਾਂ ਸੁਚੇਤ ਹੈ, ਪਰ ਇਸ ਕਾਨੂੰਨ ਦੇ ਨਾਂ 'ਤੇ ਸਰਕਾਰ ਵੱਲੋਂ ਕੀਤੀ ਜਾਣ ਵਾਲੀ ਕਿਸੇ ਵੀ ਕਿਸਮ ਦੀ ਦਖ਼ਲਅੰਦਾਜ਼ੀ ਸਾਨੂੰ ਮਨਜ਼ੂਰ ਨਹੀਂ। ਸਰਕਾਰ ਨੂੰ ਚਾਹੀਦਾ ਹੈ ਕਿ ਉਹ ਕੌਮ ਦੀਆਂ ਧਾਰਮਿਕ ਭਾਵਨਾਵਾਂ ਅਤੇ ਪਰੰਪਰਾਵਾਂ ਦਾ ਸਨਮਾਨ ਕਰਦਿਆਂ ਇਸ ਕਾਨੂੰਨ ਵਿੱਚ ਤੁਰੰਤ ਜ਼ਰੂਰੀ ਸੋਧ ਕਰੇ।"ਉਨ੍ਹਾਂ ਵਿਚਾਰ ਕੀਤੀ ਕਿ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਹੋਏ ਫ਼ੈਸਲੇ ਸਾਡੇ ਲਈ ਅਟੱਲ ਹਨ। ਸਰਕਾਰ ਨੂੰ ਪੰਥਕ ਰਵਾਇਤਾਂ ਅਤੇ ਸ੍ਰੀ ਅਕਾਲ ਤਖ਼ਤ ਸਾਹਿਬ ਦੀ ਰਹਿਨੁਮਾਈ ਹੇਠ ਜਾਰੀ ਹੋਈਆਂ ਹਦਾਇਤਾਂ ਦੀ ਪਾਲਣਾ ਪੂਰੀ ਦ੍ਰਿੜ੍ਹਤਾ ਨਾਲ ਕਰਨੀ ਚਾਹੀਦੀ ਹੈ। ਅਸੀਂ ਗੁਰੂ-ਪੰਥ ਦੀ ਚੜ੍ਹਦੀ ਕਲਾ ਲਈ ਇਨ੍ਹਾਂ ਫ਼ੈਸਲਿਆਂ 'ਤੇ ਪਹਿਰਾ ਦੇਣ ਲਈ ਵਚਨਬੱਧ ਹਾਂ।ਇਸ ਇਕੱਤਰਤਾ ਵਿੱਚ ਗੁਰਦੁਆਰਾ ਸ੍ਰੀ ਅੰਬ ਸਾਹਿਬ ਮੋਹਾਲੀ ਦੇ ਮੁੱਖ ਗ੍ਰੰਥੀ ਗਿਆਨੀ ਚਰਨਜੀਤ ਸਿੰਘ, ਵਧੀਕ ਗ੍ਰੰਥੀ ਗਿਆਨੀ ਭੁਪਿੰਦਰ ਸਿੰਘ, ਗਿਆਨੀ ਮੇਜਰ ਸਿੰਘ, ਗ੍ਰੰਥੀ ਗਿਆਨੀ ਸੁਖਦੇਵ ਸਿੰਘ, ਪ੍ਰਚਾਰਕ ਭਾਈ ਜਤਿੰਦਰ ਸਿੰਘ ਤੋਂ ਇਲਾਵਾ ਇਲਾਕੇ ਦੇ ਹੋਰ ਗ੍ਰੰਥੀ ਸਿੰਘ ਅਤੇ ਪੰਥਕ ਸ਼ਖ਼ਸੀਅਤਾਂ ਸ਼ਾਮਲ ਸਨ।



# ‘ਜਬਰ ਉੱਤੇ ਸਬਰ ਦੀ ਜਿੱਤ ਦੀ ਗਵਾਹੀ ਹੈ ਸਰਹਿੰਦ ਫ਼ਤਿਹ’

ਕੁਦਰਤ ਦਾ ਇਕ ਅਸੂਲ ਹੈ ਕਿ ਜ਼ਿਆਦਤੀ ਜ਼ਿਆਦਾ ਚਿਰ ਤਕ ਸਹਿਣ ਨਹੀਂ ਕੀਤੀ ਜਾਂਦੀ। ਕਿਵੇਂ ਨਾ ਕਿਵੇਂ ਧਰਤੀ ’ਤੇ ਕਿਸੇ ਨਾ ਕਿਸੇ ਰੂਪ ’ਚ ਜ਼ੁਲਮ ਦਾ ਸਾਹਮਣਾ ਕਰਨ ਲਈ ਕੋਈ ਰੱਬੀ ਰੂਹ ਪੈਦਾ ਹੁੰਦੀ ਹੀ ਰਹੀ ਹੈ। ਜਿਵੇਂ ਸਿੱਧੇ ਸ਼ਬਦਾਂ ’ਚ ਕਹਿ ਲਓ ਕਿ ਪਾਪ ਦਾ ਭਾਂਡਾ ਜਲਦੀ ਭਰ ਜਾਂਦਾ ਹੈ। ਇਸੇ ਕੜੀ ਦਾ ਹੀ ਇਕ ਹਿੱਸਾ ਹੈ ‘ਸਰਹਿੰਦ ਫ਼ਤਿਹ’, ਜਿਸ ਨੂੰ ਸਿੱਖ ਕੌਮ ਦੇ ਮਹਾਨ ਜਰਨੈਲ ਬਾਬਾ ਬੰਦਾ ਸਿੰਘ ਬਹਾਦਰ ਨੇ ਆਪਣੇ ਸਿੰਘਾਂ ਨਾਲ ਜ਼ਾਲਮਾਂ ਨੂੰ ਸੋਧਾ ਲਗਾ ਕੇ ਸਰਹਿੰਦ ਫ਼ਤਿਹ ਕੀਤੀ।ਸ੍ਰੀ ਗੁਰੂ ਗੋਬਿੰਦ ਸਿੰਘ ਜੀ ਨੇ ਬਾਬਾ ਬੰਦਾ ਸਿੰਘ ਬਹਾਦਰ ਨੂੰ ਜਦੋਂ ਥਾਪੜਾ ਦੇ ਕੇ ਆਪਣੇ ਸਿੱਖਾਂ ਨਾਲ ਤੋਰਿਆ ਤਾਂ ਇਕ ਗੱਲ ਬਾਬਾ ਬੰਦਾ ਸਿੰਘ ਬਹਾਦਰ ਨੂੰ ਕਹੀ ਕਿ ਬੰਦਾ ਸਿੰਘ ਜ਼ਾਲਮਾਂ ਨੂੰ ਸੋਧਣ ਦੇ ਨਾਲ-ਨਾਲ ਅਕਾਲ ਪੁਰਖ ਨੂੰ ਵਿਸਾਰ ਦੇਣਾ। ਬਾਬਾ ਬੰਦਾ ਸਿੰਘ ਬਹਾਦਰ ਨੇ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਕੋਲੋ ਅਸ਼ੀਰਵਾਦ ਲੈ ਕੇ ਜਦੋਂ ਪੰਜਾਬ ਵੱਲ ਰਵਾਨਗੀ ਪਾਈ ਤਾਂ ਸਿੰਘਾਂ ਦਾ ਜੋਸ਼ ਵੇਖਣ ਵਾਲਾ ਸੀ।ਸਭ ਤੋਂ ਪਹਿਲੋਂ ਬੰਦਾ ਬਹਾਦਰ ਨੇ ਸਿਹਰੀ, ਸੋਨੀਪਤ, ਕੈਥਲ ’ਤੇ ਕਬਜ਼ਾ ਕੀਤਾ। ਕੈਥਲ ਦੇ ਆਮਿਲ ਨੂੰ ਈਨ ਮਨਵਾਕੇ ਉਸ ਪਾਸੋਂ ਅਸਲਾ ਘੋੜੇ ਅਤੇ ਬਹੁਤ ਮਾਲ ਹਥਿਆ ਲਿਆ। ਕੈਥਲ ਵਿਖੇ ਸ਼ਾਹੀ ਖਜ਼ਾਨਾ, ਜੋ ਦਿੱਲੀ ਲਿਜਾਇਆ ਜਾ ਰਿਹਾ ਸੀ, ਲੁਟਕੇ ਗਰੀਬਾਂ ਤੇ ਲੋੜਵੰਦਾਂ ਵਿੱਚ ਵੰਡ ਦਿੱਤਾ। ਇਥੋ ਦੇ ਆਮਿਲ ਨੂੰ ਦੀਨ ਮਨਾ ਕੇ ਬਹੁਤ ਸਾਰਾ ਅਸਲਾ ਘੋੜੇ ’ਤੇ ਮਾਲ ਉਸ ਤੋਂ ਲੈ ਲਏ। ਇਥੇ ਖ਼ਬਰ ਮਿਲੀ ਕਿ ਮੁਗਲਾਂ ਵਲੋਂ ਭੇਜੇ ਦੋ ਪਠਾਣਾਂ ਨੇ ਗੁਰੂ ਸਾਹਿਬ ’ਤੇ ਵਾਰ ਕਰ ਦਿੱਤਾ। ਇਹ ਖ਼ਬਰ ਸੁਣਦੇ ਸਾਰ ਬੰਦਾ ਬਹਾਦਰ ’ਚ ਗੁੱਸੇ ਦੀ ਅੱਗ ਹੋਰ ਤੇਜ਼ ਹੋ ਕੇ ਭੜਕੀ। ਇਥੇ ਇਹ ਦੱਸਣਾ ਜ਼ਰੂਰੀ ਹੈ ਕਿ ਸ੍ਰੀ ਗੁਰੂ ਗੋਬਿੰਦ ਸਿੰਘ ਜੀ ’ਚ ਨਾ ਕਦੇ ਬਦਲੇ ਦੀ ਭਾਵਨਾ ਸੀ ਤੇ ਨਾ ਹੀ ਉਨ੍ਹਾਂ ਦੇ ਜੀਵਨ ਦਾ ਇਸ ਤਰ੍ਹਾਂ ਦਾ ਕੋਈ ਮਕਸਦ ਸੀ। ਬੰਦਾ ਬਹਾਦਰ ਨੂੰ ਉਨ੍ਹਾਂ ਨੇ ਥਾਪੜਾ ਦੇ ਕੇ ਜ਼ਾਲਮ ਹਕੂਮਤ ਨਾਲ ਟੱਕਰ ਕਰਨ ਅਤੇ ਮਜ਼ਲੂਮਾਂ ਦੀ ਰਖਿਆ ਕਰਨ ਲਈ ਭੇਜਿਆ ਸੀ, ਨਾ ਕਿ ਕਿਸੇ ਬਦਲੇ ਵਾਸਤੇ ਪਰ ਕਿਸੇ ਇਨਸਾਨ ਦਾ ਦਿਲ ਇੰਨਾ ਵੱਡਾ ਨਹੀਂ ਹੋ ਸਕਦਾ, ਜਿਸਦੀ ਸੋਚ ਰਬੀ ਨੂਰ ਦੀ ਸੋਚ ਦਾ ਮੁਕਾਬਲਾ ਕਰੇ। ਜ਼ੁਲਮਾਂ ਦੇ ਬਦਲੇ ਦੀ ਭਾਵਨਾ ਬੰਦਾ ਬਹਾਦਰ ਵਿੱਚ ਸੀ, ਜਿਸ ਲਈ ਉਸਨੇ ਆਪਣੇ ਆਪ ਨੂੰ ਕਸੂਰ ਵਾਰ ਠਹਿਰਾਇਆ ਅਤੇ ਅਰਦਾਸ ਕਰਕੇ ਗੁਰੂ ਸਾਹਿਬ ਤੋਂ ਭੁਲ ਬਖਸ਼ਵਾਈ। ਬੰਦਾ ਸਿੰਘ ਦਾ ਮੁਖ ਮਕਸਦ ਸਰਹੰਦ ਦੇ ਵਜੀਰ ਮਾਰਨਾ ਸੀ, ਕਿਉਂਕਿ ਸਰਹੰਦ ਇਕ ਤਾਕਤਵਰ ਸੂਬਾ ਸੀ ਅਤੇ ਉਸਦੀ ਆਪਣੀ ਫੌਜ ਵੀ ਕਾਫ਼ੀ ਸੀ। ਲੋੜ ਪੈਣ ’ਤੇ ਉਹ ਆਲੇ-ਦੁਆਲੇ ਤੋਂ ਮਦਦ ਲੈ ਸਕਦਾ ਸੀ। ਬੰਦਾ ਬਹਾਦਰ ਨੇ ਸੋਚਿਆ ਕੀ ਸਭ ਤੋਂ ਪਹਿਲਾ ਆਲੇ-ਦੁਆਲੇ ਦੀਆਂ ਬਾਹਾਂ ਕੱਟ ਦਿੱਤੀਆਂ ਜਾਣ। ਇਸ ਲਈ ਸਭ ਤੋਂ ਪਹਿਲਾਂ ਉਹ ਸਮਾਣਾ ਪੁੱਜਾ, ਜਿਥੇ ਸ੍ਰੀ ਗੁਰੂ ਤੇਗ ਬਹਾਦਰ ਜੀ ਨੂੰ ਕਤਲ ਕਰਨ ਵਾਲਾ ਸਯਦ ਜਲਾਲ-ਉ-ਦਿਨ ਤੇ ਛੋਟੇ ਸਾਹਿਬਜ਼ਾਦਿਆਂ ਦੇ ਕਾਤਲ ਸ਼ਾਸ਼ਲ ਬੇਗ ਤੇ ਬਾਸ਼ਲ ਬੇਗ ਰਹਿੰਦੇ ਸਮ। ਇਹ ਮੁਗਲ ਰਾਜ ਦੇ ਧਾਰਮਿਕ ਅਤੇ ਰਾਜਨੀਤਕ ਸ਼ਕਤੀ ਦਾ ਕੇਂਦਰ, ਜੋ ਸਯੀਦਾਂ ਦਾ ਤਕੜਾ ਗੜ੍ਹ ਅਤੇ ਮਹੱਤਵਪੂਰਨ ਅਸਥਾਨ ਸੀ। ਇਥੇ 22 ਸ਼ਹੀਦ ਪਰਿਵਾਰ ਰਹਿੰਦੇ ਸਨ। ਹਰ ਇਕ ਕੋਲ ਆਪੋ-ਆਪਣੀ ਫੌਜ ਸੀ, ਜਿਸ ਨੂੰ ਜਿਤਣਾ ਸੌਖਾ ਨਹੀਂ ਸੀ। ਇਥੇ ਘਮਸਾਨ ਦਾ ਯੁੱਧ ਹੋਇਆ, ਹਜ਼ਾਰਾਂ ਮੁਗਲ ਫੌਜੀ ਸਿੰਘਾਂ ਦੀਆਂ ਤਲਵਾਰਾਂ ਦੇ ਭੇਟ ਚੜ੍ਹੇ 24 ਘੰਟੇ ਦੇ ਅੰਦਰ-ਅੰਦਰ ਸਮਾਣੇ ’ਤੇ ਕਬਜ਼ਾ ਕਰ ਲਿਆ। ਤਿਨਾਂ ਜਲਾਦਾਂ ਨੂੰ ਆਪਣੀ ਕਰਨੀ ਦੀ ਸਜ਼ਾ ਦੇਕੇ ਕਤਲ ਕਰ ਦਿੱਤਾ। ਭਾਈ ਫਤਿਹ ਸਿੰਘ ਨੂੰ ਸਮਾਣੇ ਦਾ ਗਵਰਨਰ ਥਾਪ ਦਿੱਤਾ।ਇਨ੍ਹਾਂ ਸਾਰੀਆਂ ਜਿਤਾਂ ਕਾਰਨ ਬਾਬਾ ਬੰਦਾ ਬਹਾਦਰ ਦੀ ਪ੍ਰਸਿੱਧੀ ਦੂਰ-ਦੂਰ ਤਕ ਫੈਲ ਗਈ। ਬਹੁਤ ਲੋਕ ਜੋ ਮੁਗਲ ਹਕੂਮਤ ਤੋਂ ਦੁੱਖੀ ਸਨ, ਬੰਦਾ ਬਹਾਦਰ ਨਾਲ ਆ ਮਿਲੇ। ਬੰਦਾ ਬਹਾਦਰ ਦੇ ਆਉਣ ਨਾਲ ਪਹਿਲੀ ਵਾਰੀ ਪੰਜਾਬ ਦੀ ਸਿਆਸਤ ਵਿੱਚ ਜ਼ਬਰਦਸਤ ਧਮਾਕਾ ਹੋਇਆ, ਜਿਸ ਧਮਾਕੇ ਨੂੰ ਮੁਸਲਮਾਨ ਲਿਖਾਰੀ ‘ਅਜਲ ਬਲਾ’ ਕਹਿੰਦੇ ਹਨ। ਪੰਜਾਬ ਦੀ ਸਿਆਸਤ ਵਿੱਚ ਉਹ ਹਲਚਲ ਮਚਾਈ ਕੀ ਇਕ ਵਾਰੀ ਤਾਂ ਧਰਤੀ ਨੂੰ ਕਾਂਬਾ ਛਿੜ ਗਿਆ। ਉਥੋਂ ਸਢੋਰੇ ਵਲ ਨੂੰ ਤੁਰ ਪਏ। ਇਥੋਂ ਦਾ ਹਾਕਮ ਓਸਮਾਨ ਖਾਨ ਨੇ ਸ੍ਰੀ ਗੁਰੂ ਗੋਬਿੰਦ ਸਿੰਘ ਦੇ ਪਿਆਰੇ ਮਿਤਰ ਪੀਰ ਬੁਧੂ ਸ਼ਾਹ ਨੂੰ ਬੜੇ ਤਸੀਹੇ ਦੇ ਕੇ ਕਤਲ ਕੀਤਾ ਸੀ, ਕਹਿੰਦੇ ਹਨ ਕਿ ਓਸਮਾਨ ਖਾਨ ਨੂੰ ਉਸਦੀ ਕਰਨੀ ਦੀ ਬੜੀ ਭਿਆਨਕ ਸਜ਼ਾ ਦਿੱਤੀ। ਮੁਖਲਿਸਗੜ੍ਹ ਦਾ ਕਿਲ੍ਹਾ ਫ਼ਤਿਹ ਕਰ ਲਿਆ, ਜਿਸਦਾ ਨਾਂ ਲੋਹਗੜ੍ਹ ਰਖਿਆ। ਉਸ ਤੋਂ ਉਪਰੰਤ ਅੰਬਾਲਾ-ਛਤ-ਬਨੂੜ ਜੋ ਜ਼ੁਲਮ ਤੇ ਜਬਰ ਦੇ ਗੜ੍ਹ ਸੀ, ’ਤੇ ਕਬਜ਼ਾ ਕੀਤਾ। ਇਸ ਤੋਂ ਬਾਅਦ ਉਹ ਖਰੜ ਵੱਲ ਨੂੰ ਤੁਰ ਪਏ। ਬੰਦਾ ਸਿੰਘ ਦੇ ਆਉਣ ਦਾ ਸੁਣ ਕੇ ਸਿਖਾਂ ਦੇ ਹੌਸਲੇ ਬੁਲੰਦ ਹੋ ਚੁੱਕੇ ਸਨ। ਮਾਝੇ ਅਤੇ ਦੁਆਬੇ ਦੇ ਸਿਖਾਂ ਨੇ ਮੁਗਲ ਹਕੂਮਤ ਵਿਰੁੱਧ ਬਗਾਵਤ ਕਰ ਦਿੱਤੀ। ਬੰਦਾ ਸਿੰਘ ਬਹਾਦਰ ਦਾ ਸਾਥ ਦੇਣ ਲਈ ਸਰਹੰਦ ਵੱਲ ਕੂਚ ਕਰ ਦਿੱਤਾ। ਰੋਪੜ ਦੇ ਸਥਾਨ ’ਤੇ ਇਨ੍ਹਾਂ ਸਿੰਘਾਂ ਨਾਲ ਸ਼ਾਹੀ ਫੌਜ ਦੀ ਪਹਿਲੀ ਲੜਾਈ ਹੋਈ। ਵਜ਼ੀਰ ਖਾਨ ਦੇ ਹੁਕਮ ’ਤੇ ਮਲੇਰਕੋਟਲਾ ਦੇ ਨਵਾਬ ਸ਼ੇਰ ਖਾਨ ਨੇ ਆਪਣੇ ਭਰਾ (ਖਿਜਰ ਖਾਨ) ਅਤੇ ਭਤੀਜਿਆਂ (ਨੁਸਰਤ ਖਾਨ ਤੇ ਵਲੀ ਮੁਹੰਮਦ ਖਾਨ) ਸਮੇਤ ਸਿਖਾਂ ਉੜੇ ਜ਼ੋਰਦਾਰ ਹਮਲਾ ਕਰ ਦਿੱਤਾ। ਸਿਖਾਂ ਦੀ ਮਲੇਰਕੋਟਲਾ ਦੇ ਪਠਾਣਾ ਨਾਲ ਤਕੜੀ ਝੜਪ ਹੋਈ। ਦੋ ਦਿਨ ਖੂਨ ਡੋਲਵੀ ਲੜਾਈ ਵਿੱਚ ਖਿਜਰ ਖਾਨ, ਨੁਸਰਤ ਖਾਨ ਤੇ ਵਲੀ ਮੁਹੰਮਦ ਖਾਨ ਮਾਰੇ ਗਏ ਤੇ ਸ਼ੇਰ ਮੁਹੰਮਦ ਸਖ਼ਤ ਜ਼ਖਮੀ ਹੋ ਗਿਆ। ਸਿੰਘ ਇਹ ਲੜਾਈ ਜਿਤ ਕੇ ਬੰਦਾ ਬਹਾਦਰ ਨਾਲ ਆਣ ਮਿਲੇ।ਇਹ ਸਾਰੀਆਂ ਜਿਤਾਂ ਆਉਣ ਵਾਲੀ ਸਰਹੰਦ ਦੀ ਵੱਡੀ ਮੁਹਿਮ ਦਾ ਅਧਾਰ ਬਣੀਆਂ। ਜਿੱਤਾਂ ਦੇ ਇਸ ਲੰਬੇ ਸਿਲਸਿਲੇ ਨੂੰ ਸੁਣ ਕੇ ਸਰਹੰਦ ਦਾ ਸੂਬੇਦਾਰ ਵਜੀਰ ਖਾਨ ਨੂੰ ਇਕ ਵਾਰ ਕਾਂਬਾ ਛਿੜ ਗਿਆ ਹਾਲਾਂਕਿ ਉਹ ਖੁਦ ਇਕ ਜੰਗਜੂ, ਜੰਗੀ ਚਾਲਾਂ ਨੂੰ ਸਮਝਣ ਵਾਲਾ, ਕੁਸ਼ਲ ਪ੍ਰਬੰਧਕ ਸੀ। ਉਸ ਕੋਲ 48 ਤੋਪਾਂ 200 ਹਾਥੀ ਅਤੇ 10000 ਘੋੜ ਸਵਾਰ, 5000 ਪਿਆਦਾ ਫੌਜ, ਅਨਗਿਣਤ ਬੰਦੂਕਾਂ, ਦਾਰੂ ਸਿਕਾ ਅਤੇ ਰਸਦ ਦੇ ਭੰਡਾਰ ਇਕਠੇ ਕੀਤੇ ਹੋਏ ਸੀ। ਰਾਜੇ ਰਜਵਾੜਿਆਂ ਨੂੰ ਬੁਲਾ ਲਿਆ, ਜੇਹਾਦ ਦਾ ਨਾਅਰਾ ਲਗਾਕੇ ਨਵਾਬਾਂ ਅਤੇ ਜਗੀਰਦਾਰਾਂ ਦੀਆਂ ਫੌਜਾਂ ਇੱਕਠੀਆਂ ਕਰ ਲਈਆਂ। ਸਰਹੰਦ ਨੂੰ ਬਚਾਣ ਲਈ ਹਿਸਾਰ ਤੋਂ ਲੈ ਕੇ ਗੁਜਰਾਤ ਤੱਕ ਦੇ 5000 ਗਾਜ਼ੀ ਪਹੁੰਚੇ ਹੋਏ ਸਨ। 20000 ਉਸਦੀ ਆਪਣੀ ਫੌਜ਼ ਸੀ। ਵੱਡੀ ਗਿਣਤੀ ’ਚ ਹਾਥੀ, ਘੋੜ-ਚੜ੍ਹੇ ਬੰਦੂਕਚੀ, ਨੇਜਾ ਬਰਦਾਰ ਤੇ ਤਲਵਾਰ-ਬਾਜ਼ ਸ਼ਾਮਲ ਸਨ।ਵਜ਼ੀਰ ਖਾਨ ਨੇ ਖਾਲਸਿਆਈ ਨਿਸ਼ਾਨ ਨੂੰ ਮੇਟਣ ਲਈ ਪੂਰੀ ਵਾਹ ਲਗਾ ਦਿੱਤੀ। ਜੰਗ ਦੀ ਤਿਆਰੀ ਲਈ ਸਾਰੇ ਸਾਧਨ ਜੁਟਾ ਲਏ ਗੋਲੀ ਸਿਕਾ ਬਾਰੂਦ ਨਾਲ ਕੋਠੇ ਭਰ ਲਏ। ਵਜੀਰ ਖਾਨ ਨੇ ਸਰਹੰਦ ਤੋਂ ਬੰਦਾ ਬਹਾਦਰ ਨੂੰ ਇਕ ਚਿੱਠੀ ਭੇਜੀ, ਲਿਖਿਆ, ”ਤੈਨੂੰ ਸਿਖਾਂ ਦੇ ਉਸ ਗੁਰੂ ਨੇ ਭੇਜਿਆ ਹੈ, ਜਿਸਦੇ ਪੁਤਰਾਂ ਨੂੰ ਮੈਂ ਕੋਹ-ਕੋਹ ਕੇ ਮਾਰਿਆ ਹੈ, ਗੁਰੂ ਨੂੰ ਚਮਕੋਰ ਦੀ ਗੜੀ ਵਿਚੋਂ ਭਜਾ ਦਿੱਤਾ। ਮੇਰੀ ਫੌਜ਼ ਦੇ ਫੋਲਾਦੀ ਦੰਦ ਹਨ, ਤੈਨੂੰ ਤਾਂ ਕਚਾ-ਚਬਾ ਜਾਣਗੇ।

“ਬੰਦਾ ਬਹਾਦੁਰ ਨੇ ਚਿੱਠੀ ਦਾ ਜਵਾਬ ਦਿੱਤਾ ਕੀ ਫੌਲਾਦ ਦੇ ਦੰਦਾਂ ਨਾਲ ਲੋਹੇ ਦੇ ਚਨੇ ਨਹੀਂ ਚਬਾਏ ਜਾਂਦੇ। ਕਿੰਨੀ ਹੈਰਾਨੀ ਦੀ ਗਲ ਹੈ ਕੀ ਸਰਹੰਦ ਦਾ ਸੂਬਾ ਫਕਰ ਨਾਲ ਕਹਿ ਰਿਹਾ ਹੈ ਕਿ ਉਸਨੇ 5-7 ਸਾਲ ਦੇ ਬਚਿਆਂ ਨੂੰ ਕੋਹ-ਕੋਹ ਕੇ ਮਾਰਿਆ ਹੈ। ਉਸ ਨੂੰ ਆਪਣੇ ਕੀਤੇ ਗੁਨਾਹ ਦਾ ਕੋਈ ਅਫ਼ਸੋਸ ਜਾਂ ਪਛਤਾਵਾ ਨਹੀਂ ਸੀ। ਉਸਦੀ ਜ਼ਮੀਰ ਨੇ ਕਦੀ ਉਸ ਨੂੰ ਝੰਝੋਰਿਆ ਨਹੀ। ਇਸਤੋਂ ਪਤਾ ਚਲਦਾ ਹੈ ਮੁਗਲ ਹਕੂਮਤ ਵਹਿਸ਼ੀਆਨਾ ’ਤੇ ਦਰਿੰਦਗੀ ਨਾਲ ਜ਼ੁਲਮ ਕਰਦੇ ਕਰਦੇ ਹੁਣ ਤੱਕ ਇਤਨੀ ਆਦੀ ਤੇ ਪਰਪਕ ਹੋ ਚੁੱਕੀ ਸੀ ਕਿ ਜ਼ੁਲਮ ਕਰਨਾ ਉਨ੍ਹਾਂ ਦਾ ਪੈਸਾ, ਸਿਆਸੀ ਨੀਤੀ ’ਤੇ ਨਿਸ਼ਾਨਾ ਬਣ ਚੁੱਕਾ ਸੀ। ਸਰਹੰਦ ਕੂਚ ਕਰਨ ਤੋਂ ਪਹਿਲਾਂ ਬੰਦਾ ਬਹਾਦਰ ਦੀ ਖਾਲਸਾਈ ਫੌਜਾਂ ਨਾਲ ਇਕ ਹੋਰ ਸ਼ਕਤੀਸ਼ਾਲੀ ਸਿੰਘਾਂ ਦਾ ਜਥਾ ਬਨੂੜ ਦੇ ਨੇੜੇ ਆ ਰਲਿਆ, ਜਿਸ ਨਾਲ ਖਾਲਸਾਈ ਫੌਜ ਦੀ ਤਾਕਤ ਵਿੱਚ ਵਾਧਾ ਹੋਇਆ। ਬੰਦਾ ਬਹਾਦਰ ਕੋਲ ਸਿਰਫ਼ 6 ਤੋਪਾਂ, 5000 ਧਾੜਵੀ 1000 ਘੋੜ ਸਵਾਰ ਅਤੇ ਕੁਝ ਮਰਜੀਵੜੇ ਸਿੱਖ, ਜੋ ਜਾਨ ਤਲੀ ’ਤੇ ਰਖ ਕੇ ਲੜਨਾ ਮਰਨਾ ਜਾਣਦੇ ਸਨ। ਚੜ੍ਹਦੀ ਕਲਾ ਅਤੇ ਗੁਰੂ ਸਾਹਿਬ ਜੀ ਦਾ ਥਾਪੜਾ ਅਤੇ ਆਸ਼ੀਰਵਾਦ ਉਸ ਨਾਲ ਸੀ।

ਚਪੜ-ਚਿੜੀ ਦੇ ਮੈਦਾਨ ਵਿੱਚ ਦੋਨਾਂ ਦੀਆਂ ਫੌਜਾਂ ਆ ਡਟੀਆਂ। ਬੰਦਾ ਬਹਾਦਰ ਨੇ ਆਪਣੀ ਫੌਜ ਨੂੰ ਦੋ ਹਿਸਿਆਂ ਵਿੱਚ ਵੰਡ ਦਿੱਤਾ, ਇਕ ਜਥਾ, ਫਤਹਿ ਸਿੰਘ, ਕਰਮ ਸਿੰਘ, ਧਰਮ ਸਿੰਘ, ਆਲੀ ਸਿੰਘ ਤੇ ਦੂਸਰੇ ਜਥੇ ਦਾ ਆਗੂ ਬਾਬਾ ਵਿਨੋਦ ਸਿੰਘ, ਬਾਜ ਸਿੰਘ, ਰਾਮ ਸਿੰਘ ਤੇ ਸ਼ਾਮ ਸਿੰਘ ਸਨ।12 ਮਈ 1710 ਵਿੱਚ ਚਪੜ-ਚਿੜੀ ਦੇ ਮੈਦਾਨ ਵਿੱਚ, ਜੋ ਪਹਿਲਾਂ ਛਪੜ ਚਿੜੀ ਦੇ ਨਾਂ ਨਾਲ ਮਸ਼ਹੂਰ ਸੀ, ਸਰਹੰਦ ਤੋਂ ਕੋਈ 10 ਕੋਹ ਦੀ ਦੂਰੀ ’ਤੇ ਭਾਰੀ ਯੁਧ ਹੋਇਆ। ਲੜਾਈ ਸ਼ੁਰੂ ਹੋਣ ਤੋਂ ਪਹਿਲੋ ਵਜ਼ੀਰ ਖਾਨ ਨੇ ਇਕ ਚਾਲ ਚਲੀ। ਬੰਦਾ ਸਿੰਘ ਬਹਾਦਰ ਦੀ ਫੌਜ ਵਿੱਚ ਭਗਦੜ ਮਚਾਨ ਵਾਸਤੇ। ਸੁਚਾ ਨੰਦ ਦੇ ਭਤੀਜੇ ਗੰਡਾ ਮਲ ਨੂੰ 1000 ਫੌਜ ਦੇਕੇ ਬੰਦਾ ਸਿੰਘ ਬਹਾਦੁਰ ਕੋਲ ਭੇਜਿਆ, ਜਿਸਨੇ ਆਕੇ ਕਿਹਾ ਕਿ ਮੈਂ ਆਪਣੇ ਚਾਚਾ ਦੀ ਕਰਨੀ ’ਤੇ ਬੇਹਦ ਸ਼ਰਮਿੰਦਾ ਹਾਂ, ਮੈਂ ਤੁਹਾਡੀ ਫੌਜ ਵਿੱਚ ਭਰਤੀ ਹੋ ਕੇ ਉਨ੍ਹਾਂ ਦੀ ਇਸ ਭੁਲ ਦਾ ਪ੍ਰਾਸ਼ਚਿਤ ਕਰਨਾ ਚਾਹੁੰਦਾ ਹਾਂ। ਬੰਦਾ ਬਹਾਦੁਰ ਨੇ ਉਸ ਨੂੰ ਫੌਜ ਵਿੱਚ ਭਰਤੀ ਤਾਂ ਕਰ ਲਿਆ ਪਰ ਬਾਜ ਸਿੰਘ ਨੂੰ ਕਹਿ ਦਿੱਤਾ ਇਸ ’ਤੇ ਨਜ਼ਰ ਰਖੀ ਜਾਏ। ਲੜਾਈ ਸ਼ੁਰੂ ਹੋਣ ’ਤੇ ਉਸਨੇ ਬੰਦਾ ਸਿੰਘ ਦੇ ਫੌਜੀ ਮਰਵਾਣੇ ਸ਼ੁਰੂ ਕਰ ਦਿੱਤੇ। ਬਾਜ ਸਿੰਘ ਨੇ ਇਕੋ ਝਟਕੇ ਨਾਲ ਉਸਦੀ ਗਰਦਨ ਉਤਾਰ ਦਿੱਤੀ ਤੇ ਬਾਕੀ ਧਾੜਵੀ ਉਸਦੇ ਸਾਥੀ ਸਭ ਖਿਸਕ ਗਏ।ਲੜਾਈ ਸ਼ੁਰੂ ਹੋਈ। ਸਿਖਾਂ ਕੋਲ ਤੋਪਾਂ ਸੀ ਨਹੀਂ। ਤੋਪਾਂ ਨਾਲ ਮੁਕਾਬਲਾ ਕਰਨਾ ਔਖਾ ਸੀ। ਸੋ ਸਭ ਤੋਂ ਪਹਿਲਾਂ ਬਾਬਾ ਬੰਦਾ ਸਿੰਘ ਦੀ ਹਦਾਇਤ ਅਨੁਸਾਰ ਸਿੱਖ ਦੁਸ਼ਮਨ ਦੀਆਂ ਤੋਪਾਂ ’ਤੇ ਟੁਟ ਪਏ ਅਤੇ ਸਾਰੀਆਂ ਤੋਪਾਂ ਖੋਹ ਲਈਆਂ। ਹੱਥੋ-ਹੱਥ ਲੜਾਈ ਹੋਈ ਬੜਾ ਭਿਆਨਕ ਨਜ਼ਾਰਾ ਸੀ। ਖੰਡੇ ਨਾਲ ਖੰਡਾ ਖੜਕਿਆ। ਲੋਥਾਂ ਦੇ ਢੇਰ ਲਗ ਗਏ ਖੂਨ ਦੀਆਂ ਨਦੀਆਂ ਬਹਿ ਨਿਕਲੀਆਂ। ਵਜ਼ੀਰ ਖਾਨ ਨੇ ਸਿਖਾਂ ’ਤੇ ਕਾਬੂ ਪਾਉਣ ਲਈ ਆਪਣਾ ਹਾਥੀ ਅਗਲੀ ਪਾਲ ਵਿੱਚ ਲਿਆ ਕੇ ਗਾਜ਼ੀਆਂ ਨੂੰ ਹਲਾ ਸ਼ੇਰੀ ਦੇਣ ਲਗਾ। ਬਾਬਾ ਬੰਦਾ ਇਕ ਉਚੀ ਟਿੱਬੀ ’ਤੇ ਬੈਠ ਕੇ ਦੋਨੋ ਫੌਜਾਂ ਦਾ ਜਾਇਜ਼ਾ ਲੈ ਰਿਹਾ ਸੀ। ਇਕ ਦਮ ਉਠਿਆ ਅਤੇ ਮੁਹਰਲੀ ਕਟਾਰ ਵਿੱਚ ਆ ਕੇ ਵੇਰੀਆਂ ’ਤੇ ਬਿਜਲੀ ਵਾਂਗ ਟੁੱਟ ਪਿਆ। ਸਿਖਾਂ ਦੇ ਹੌਂਸਲੇ ਵਧ ਗਏ ਅਤੇ ਜੋਸ਼ ਚਰਮ ਸੀਮਾਂ ਤੱਕ ਪਹੁੰਚ ਗਿਆ। ਵਜ਼ੀਰ ਖਾਨ ਬਾਜ ਸਿੰਘ ਤੇ ਫਤਿਹ ਸਿੰਘ ਵਿੱਚ ਘਿਰ ਗਏ। ਫਤਿਹ ਸਿੰਘ ਨੇ ਫੁਰਤੀ ਨਾਲ ਤਲਵਾਰ ਚਲਾਈ ਅਤੇ ਉਸਦੀ ਬਾਂਹ ਕੱਟ ਦਿੱਤੀ। ਉਹ ਧਰਤੀ ’ਤੇ ਡਿੱਗ ਪਿਆ। ਵਜ਼ੀਰ ਖਾਨ ਨੂੰ ਜਿੰਦਾ ਦਬੋਚ ਲਿਆ ਗਿਆ। ਸ਼ਾਹੀ ਫੌਜ ਵਿੱਚ ਹਫੜਾ-ਦਫੜੀ ਮਚ ਗਈ, ਜਿਧਰ ਮੂੰਹ ਆਇਆ ਸਭ ਨਸ ਗਏ ਸਭ ਕੁਝ ਧਨ, ਮਾਲ, ਤੋਪਾਂ ਘੋੜੇ, ਰਸਦ ਸਿੱਘਾਂ ਦੇ ਹੱਥ ਆ ਗਏ। ਸਰਹੰਦ ਫਤਹਿ ਹੋਣ ਦੇ ਜੈਕਾਰੇ ਛਡੇ ਗਏ। ਨਗਾਰਾ ਵਜਿਆ।


ਅਗਲੇ ਦਿਨ ਸਿੰਘਾਂ ਦੀ ਮਰਹਮ ਪਟੀ ਕੀਤੀ ਗਈ, ਸ਼ਹੀਦਾਂ ਦੇ ਸਸਕਾਰ ਕਰਕੇ ਸਰਹੰਦ ਸ਼ਹਿਰ ਨੂੰ ਘੇਰ ਲਿਆ। ਸਿੱਖਾਂ ਨੇ ਸਰਹੰਦ ਵਿੱਚ ਪ੍ਰਵੇਸ਼ ਕੀਤਾ। ਵਜ਼ੀਰ ਖਾਨ ਦੀਆਂ ਲਤਾਂ ਨੂੰ ਰਸੇ ਨਾਲ ਬੰਨ ਦਿੱਤਾ ਮੂੰਹ ਕਲਾ ਕਰਕੇ, ਘੋੜੇ ਪਿਛੇ ਬੰਨ ਕੇ ਸਾਰੇ ਸ਼ਹਿਰ ਵਿੱਚ ਘਸੀਟਿਆ ਗਿਆ। ਉਸਦੀ ਲਾਸ਼ ਚੀਲਾਂ ਅਤੇ ਕਾਵਾਂ ਵਾਸਤੇ ਦਰਖ਼ਤਾਂ ’ਤੇ ਲਟਕਾ ਦਿੱਤੀ। ਸੁਚਾ ਨੰਦ ਦੀ ਹਵੇਲੀ ਮਲਬੇ ਦਾ ਢੇਰ ਕਰ ਦਿੱਤੀ।

ਸੁਚਾ ਨੰਦ ਦੇ ਨਕ ਵਿੱਚ ਨਕੇਲ ਪਾਕੇ ਦਰ-ਦਰ ਤੋਂ ਭੀਖ ਮੰਗਵਾਈ। ਉਹ ਲੋਕਾਂ ਤੋਂ ਸਿਰ ਵਿੱਚ ਜੁਤੀਆਂ ਖਾਂਦਾ ਖਾਂਦਾ ਮਰ ਗਿਆ। ਵਜ਼ੀਰ ਖਾਨ ਦਾ ਵੱਡਾ ਪੁੱਤਰ ਡਰ ਕੇ ਦਿੱਲੀ ਭਜ ਗਿਆ। ਸਿੱਖਾਂ ਅਤੇ ਗਰੀਬ ਜਨਤਾ ’ਤੇ ਜ਼ੁਲਮ ਢਾਹੁਣ ਤੇ ਲੁੱਟ ਘਸੁੱਟ ਕਰਨ ਵਾਲੇ ਅਹਿਲਕਾਰਾਂ ’ਤੇ ਲਹੂ ਪੀਣ ਵਾਲੇ ਹਾਕਮਾਂ ਦਾ ਕਤਲੇਆਮ ਕਰ ਦਿੱਤਾ ਗਿਆ। ਇਹ ਗੋਰਵਸ਼ਾਲੀ ਜਿੱਤ ’ਤੇ ਸੁਨਹਰੀ ਯਾਦਗਾਰ, ਜਿਸਨੇ ਖਾਲਸੇ ਪੰਥ ਦੇ ਮਨ-ਮਸਤਕ ਕਈ ਖਾਬ ਸਿਰਜੇ ਜੋ ਹਕੀਕਤ ਵਿੱਚ ਤਬਦੀਲ ਹੋਏ। ਛੋਟੇ ਸਾਹਿਬਜ਼ਾਦਿਆਂ ਦੇ ਸ਼ਹੀਦੀ ਵਾਲੇ ਦਿਨ ਖਾਲਸਾ ਫੌਜ ਅਤੇ ਇਲਾਕੇ ਦੀਆਂ ਸੰਗਤਾ ਨੇ ਇਕ ਵੱਡੇ ਇਕੱਠ ਵਿੱਚ ਸਰਹੰਦ ਫਤਹਿ ਲਈ ਅਕਾਲ ਪੁਰਖ ਦਾ ਧੰਨਵਾਦ ਕੀਤਾ ਅਤੇ ਸਰਬ ਸਾਂਝੇ ਸਿੱਖ ਰਾਜ ਦਾ ਐਲਾਨ ਕੀਤਾ। ਸਿੱਖ ਰਾਜ ਦਾ ਝੰਡਾ ਉਥੇ ਲਹਿਰਾਇਆ, ਜਿਥੇ ਗੁਰੂ ਸਾਹਿਬ ਜੀ ਦੇ ਦੋਨੋ ਬੱਚੇ ਸ਼ਹੀਦ ਕੀਤੇ ਗਏ ਸੀ। ਬੰਦਾ ਬਹਾਦਰ ਨੇ ਕੌਮੀ ਨੇਤਾ ਦੀ ਜ਼ਿੰਮੇਵਾਰੀ ਸੰਭਾਲੀ। ਬਾਜ ਸਿੰਘ ਨੂੰ ਸਰਹੰਦ ਦਾ ਸੂਬੇਦਾਰ ਅਤੇ ਆਲੀ ਸਿੰਘ ਨੂੰ ਉਸਦਾ ਵਜ਼ੀਰ ਥਾਪਿਆ ਗਿਆ।ਜਿੱਤਾਂ ਦਾ ਸਿਲਸਲਾ ਚਲਦਾ ਰਿਹਾ। ਜੁਲਾਈ 1710 ਵਿੱਚ ਬੰਦਾ ਬਹਾਦੁਰ ਨੇ ਗੰਗਾ ਤੇ ਜਮੁਨਾ ਦੇ ਮੈਦਾਨੀ ਇਲਾਕੇ ’ਤੇ ਫ਼ਤਿਹ ਕਰ ਲਈ। ਅਕਤੂਬਰ 1710 ਵਿੱਚ ਕਿਲਾ ਭਗਵੰਤ ਰਾਇ ਅਤੇ ਭਿਲੋਵਾਲ ’ਤੇ ਸਿੱਖਾਂ ਦਾ ਕਬਜ਼ਾ ਹੋ ਗਿਆ। ਬਾਬਾ ਬੰਦਾ ਸਿੰਘ ਬਹਾਦਰ ਨਾਲ-ਨਾਲ ਆਪਣੇ ਜਿਤੇ ਇਲਾਕਿਆਂ ਦੀ ਵਿਵਸਥਾ ਕਰਦੇ ਚਲੇ ਆ ਰਹੇ ਸਨ। ਭਾਈ ਅਲੀ ਸਿੰਘ ਨੂੰ ਸਮਾਣਾ ਦਾ, ਭਾਈ ਰਾਮ ਸਿੰਘ ਨੂੰ ਥਨੇਸਰ ਦਾ ਅਤੇ ਭਾਈ ਬਾਜ ਸਿੰਘ ਨੂੰ ਸਰਹੰਦ ਦਾ ਸੂਬੇਦਾਰ ਥਾਪ ਦਿੱਤਾ ਗਿਆ।

**ਸ਼ਮਸ਼ੇਰ ਸਿੰਘ ਜੇਠੂਵਾਲ**

KHALSA AKHBAAR PRESENTS

ਖ਼ਾਲਸਾ ਅਖ਼ਬਾਰ




# NANAKSHAHI 558

NANAKSHAHI 558 | KHALSA SAMMAT 327-28 | BIKRAMI 2082-83

## ਨਾਨਕਸ਼ਾਹੀ ਸੰਮਤ ੫੫੮

## SCAN HERE

FOR ALL SIKH CALENDAR DATES

# ਖ਼ਾਲਸਾ ਅਖ਼ਬਾਰ

ਗਿਆਨੀ ਦਿੱਤ ਸਿੰਘ ਜੀ ਦਾ ਪੰਜਾਬੀ ਪੱਤਰਕਾਰੀ ਨਾਲ ਬਹੁਤ ਗੂੜ੍ਹਾ ਸਬੰਧ ਰਿਹਾ ਤੇ ਖ਼ਾਲਸਾ ਅਖ਼ਬਾਰ (ਸਪਤਾਹਿਕ) ਜੋ ੧੩ ਜੂਨ ੧੮੮੬ ਈ. ਨੂੰ ਸ਼ੁਰੂ ਹੋਇਆ ਸੀ, ਇਹ ਸਿੰਘ ਸਭਾ ਲਾਹੌਰ ਨੇ ਆਪਣੇ ਉਦੇਸ਼ਾਂ ਤੇ ਪ੍ਰਚਾਰ ਨੂੰ ਮੁੱਖ ਰੱਖ ਕੇ ਸ਼ੁਰੂ ਕੀਤਾ ਸੀ। ਫਿਰ ੧੦ ਜੁਲਾਈ ੧੮੮੬ ਈ. ਤੋਂ ਖ਼ਾਲਸਾ ਅਖ਼ਬਾਰ ਦਾ ਨਾਮ 'ਖ਼ਾਲਸਾ ਅਖ਼ਬਾਰ ਲਾਹੌਰ ਲਿਖਣਾ ਸ਼ੁਰੂ ਹੋਇਆ। ਖ਼ਾਲਸਾ ਅਖਬਾਰ ਦੇ ਉਸ ਸਮੇਂ ਛਪੇ ਸੰਪਾਦਕੀ ਲੇਖਾਂ ਤੋਂ ਮਹਿਸੂਸ ਹੁੰਦਾ ਹੈ ਕਿ ਇਸ ਸਮੇਂ ਤੋਂ ਹੀ ਗਿਆਨੀ ਦਿੱਤ ਸਿੰਘ ਜੀ ਨੇ ਬਤੌਰ ਸੰਪਾਦਕ ਜ਼ਿੰਮੇਵਾਰੀ ਸੰਭਾਲ ਲਈ ਸੀ। ਫਿਰ ਅਕਤੂਬਰ ੧੮੮੯ ਤੋਂ ਬਾਅਦ ਇਸ ਅਖ਼ਬਾਰ ਦਾ ਕੋਈ ਵੀ ਅੰਕ ਪੜ੍ਹਨ ਨੂੰ ਨਹੀਂ ਮਿਲਿਆ ਤੇ ਕੁਝ ਸਮੇ ਲਈ ਇਹ ਅਖ਼ਬਾਰ ਛਪਣਾ ਬੰਦ ਹੋ ਗਿਆ ਸੀ। ਫਿਰ ੧ ਮਈ ੧੮੯੩ ਈ. ਤੋਂ ਲੈ ਕੇ ੨੩ ਅਗਸਤ ੧੯੦੧ ਈ. ਤੱਕ 'ਖ਼ਾਲਸਾ ਅਖ਼ਬਾਰ ਲਾਹੌਰ ਗਿਆਨੀ ਜੀ ਦੀ ਸੰਪਾਦਨਾ ਹੇਠ ਪ੍ਰਕਾਸ਼ਤ ਹੁੰਦਾ ਰਿਹਾ। ਪਹਿਲਾਂ ਇਹ ੮ ਪੰਨਿਆਂ ਦਾ ਸੀ ਪਰ ਜਨਵਰੀ ੧੮੯੮ ਤੋਂ ੧੨ ਪੰਨਿਆਂ ਦਾ ਛਪਣਾ ਸ਼ੁਰੂ ਹੋਇਆ। ੩੦ ਅਗਸਤ ੧੯੦੧ ਨੂੰ ਗਿਆਨੀ ਜੀ ਦੀ ਸਿਹਤ ਵਧੇਰੇ ਖ਼ਰਾਬ ਹੋਣ ਕਰਕੇ ਭਾਈ ਮੱਯਾ ਸਿੰਘ ਜੀ ਨੇ ਸੰਪਾਦਕੀ ਲਿਖੀ ਹੈ। ਫਿਰ ੬ ਸਤੰਬਰ ੧੯੦੧ ਨੂੰ ਦਿਨ ਦੇ ਸਾਢੇ ਦਸ ਵਜੇ ਗਿਆਨੀ ਜੀ ਅਕਾਲ ਚਲਾਣਾ ਕਰ ਗਏ। ਖ਼ਾਲਸਾ ਅਖ਼ਬਾਰ ਲਾਹੌਰ ਨੂੰ ਜਿਸ ਸਫ਼ਲਤਾ ਤੇ ਚੜ੍ਹਦੀ ਕਲਾ ਨਾਲ ਗਿਆਨੀ ਜੀ ਨੇ ਚਲਾਇਆ,ਇਹ ਸਿੱਖ ਪੱਤਰਕਾਰੀ ਨੂੰ ਉਹਨਾਂ ਦੀ ਮਹਾਨ ਦੇਣ ਕਹੀ ਜਾ ਸਕਦੀ ਹੈ। ਇਸ ਅਖ਼ਬਾਰ ਨੇ ਸਿੱਖ ਪੰਥ ਵਿਚ ਪੁਨਰ ਜਾਗ੍ਰਿਤੀ ਲਿਆਉਣ ਅਹਿਮ ਭੂਮਿਕਾ ਨਿਭਾਈ ਹੈ। ਬਾਅਦ ਵਿਚ ਇਹ ਅਖ਼ਬਾਰ ੧੯੦੫ ਈ. ਤੱਕ ਭਾਈ ਮੱਯਾ ਸਿੰਘ ਜੀ ਦੀ ਸੰਪਾਦਨਾ ਹੇਠ ਪ੍ਰਕਾਸ਼ਤ ਹੁੰਦਾ ਰਿਹਾ ਅਤੇ ਬਾਅਦ ਵਿਚ ਸਮੇਂ ਦੇ ਗੇੜ ਵਿਚ ਚਲਦਾ ਹੋਇਆ ਬੰਦ ਹੋ ਗਿਆ।

ਅਸੀਂ ਆਪਣੇ ਉਨ੍ਹਾਂ ਪੁਰਖਿਆਂ ਦੇ ਪਾਏ ਪੂਰਨਿਆਂ 'ਤੇ ਚਲਦੇ ਹੋਏ ਮੁੜ ਕੋਸ਼ਿਸ਼ ਕਰ ਕੇ 'ਖ਼ਾਲਸਾ ਅਖ਼ਬਾਰ' ਨੂੰ ਦੁਬਾਰਾ ਪ੍ਰਕਾਸ਼ਿਤ ਕਰ ਕੇ ਪਾਠਕਾਂ ਦੀ ਖੁਸ਼ੀ ਲੈ ਰਹੇ ਹਾਂ। ਇਸ ਵਿਚ ਸਿੱਖ ਰਹਿਤ ਮਰਯਾਦਾ, ਸਿੱਖ ਇਤਿਹਾਸ, ਸਿੱਖ ਸਿਧਾਂਤਾਂ, ਸਿੱਖ ਸਰਗਰਮੀਆਂ ਨਾਲ ਸੰਬੰਧਿਤ ਪੰਥ ਦੇ ਉੱਘੇ ਵਿਦਵਾਨਾਂ, ਦਾਰਸ਼ਨਿਕਾਂ ਤੇ ਚਿੰਤਕਾਂ ਆਦਿ ਦੇ ਲੇਖ ਪੜ੍ਹਨ ਨੂੰ ਮਿਲਣਗੇ।





# ਇੱਕ ਕੋਸ਼ਿਸ਼

## ਸਾਡੇ ਪੁਰਾਤਨ ਅਖ਼ਬਾਰ ਨੂੰ ਮੁੜ ਤੋਂ ਸੁਰਜੀਤ ਕਰਨ ਦੀ

## ਪੁਰਖਿਆਂ ਦੀ ਪੈੜ 'ਚ ਪੈਰ ਧਰਦਾ 'ਖ਼ਾਲਸਾ ਅਖ਼ਬਾਰ'

**ਆਪ ਪੜ੍ਹੋ ਤੇ ਹੋਰਨਾਂ ਨੂੰ ਪੜ੍ਹਾਓ !**

+44 74913 74913
www.khalsaakhbaar.com
editor@khalsaakhbaar.com
@khalsaakhbaar

